ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
www.awazeqaumtv.com
# ਆਵਾਜ਼ਿ ਕੌਮ
Awaze Qaum
(ਯੂ. ਕੇ. ਤੋਂ ਪ੍ਰਕਾਸ਼ਿਤ)
International Daily Newspaper & WEB TV
Also On
Visit on facebook
https://www.facebook.com/awazeqaumtv/videos/194899582124531/
YouTube https://youtu.be/LQwolgxDu7I
awazeqaumtvpunjab@gmail.com
ਐਤਵਾਰ, 16 ਫਰਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੫ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਐਸ.ਕੇ.ਐਮ. ਨੇ ਮੋਰਚੇ ਨੂੰ ਲੈ ਕੇ ਕੀਤਾ ਵੱਡਾ ਐਲਾਨ, ਚੰਡੀਗੜ੍ਹ 'ਚ ਲੱਗੇਗਾ ਅਣਮਿੱਥੇ ਸਮੇਂ ਲਈ ਧਰਨਾ

**ਚੰਡੀਗੜ੍ਹ, 15 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸੰਯੁਕਤ ਕਿਸਾਨ ਮੋਰਚੇ ਦੀ ਚੰਡੀਗੜ੍ਹ ਵਿਖੇ ਬੈਠਕ ਹੋਈ। ਬੈਠਕ ਵਿਚ ਕਿਸਾਨ ਆਗੂਆਂ ਦਾ ਕਹਿਣਾ ਹੈ ਕਿ 5 ਮਾਰਚ ਨੂੰ ਦੇਸ਼ ਭਰ ਵਿੱਚ ਪ੍ਰਦਰਸ਼ਨ ਕੀਤੇ ਜਾਣਗੇ ਉਨ੍ਹਾਂ ਨੇ ਕਿਹਾ ਹੈ ਕਿ ਚੰਡੀਗੜ੍ਹ ਵਿਖੇ ਅਣਮਿੱਥੇ ਸਮੇਂ ਲਈ ਧਰਨਾ ਲਗਾਇਆ ਜਾਵੇਗਾ। ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਹਜ਼ਾਰਾਂ ਦੀ ਗਿਣਤੀ ਵਿੱਚ ਟ੍ਰੈਕਟਰ ਟਰਾਲੀਆਂ ਲੈ ਕੇ ਆਵਾਗੇ। ਉਨ੍ਹਾਂ ਨੇ ਕਿਹਾ ਹੈ ਕਿ ਅਸੀਂ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਤੋਂ ਕਿਸਾਨੀ ਕਰਜ਼ੇ ਨੂੰ ਮੁਆਫ਼ ਕਰਨ ਦੀ ਮੰਗ ਕਰਦੇ ਹਾਂ। ਉਨ੍ਹਾਂਨੇ ਕਿਹਾ ਹੈ ਕਿ ਕਮੇਟੀ ਮੰਗ ਪੱਤਰ ਤਿਆਰ ਕਰ ਰਹੀ ਹੈ ਜੋ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਨੂੰ ਭੇਜਿਆ ਜਾਵੇਗਾ। ਉਨ੍ਹਾਂ ਨੇ ਕਿਹਾ ਹੈ ਕਿ ਅਸੀਂ ਪੰਜਾਬ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਖੇਤੀ ਖਰੜੇ ਨੂੰ ਵਿਸ਼ੇਸ਼ ਇਜਲਾਸ ਬੁਲਾ ਕੇ ਰੱਦ ਕੀਤਾ ਜਾਵੇ। ਕਿਸਾਨ ਆਗੂਆਂ ਨੇ ਕਿਹਾ ਹੈ ਕਿ ਅਸੀਂ ਮੰਗ ਕਰਦੇ ਹਾਂ ਕਿ ਕਿਸਾਨੀ ਅੰਦੋਲਨ ਮੌਕੇ ਸ਼ਹੀਦ ਹੋਏ ਪਰਿਵਾਰਾਂ ਦਾ ਬੱਚਿਆਂ ਨੂੰ ਨੌਕਰੀਆਂ ਦਿੱਤੀਆਂ ਜਾਣ। ਉਨ੍ਹਾਂ ਨੇ ਕਿਹਾ ਹੈ ਕਿ ਦੁਆਬੇ ਵਿੱਚ ਮੱਕੀ ਬੀਜੀ ਜਾਂਦੀ ਹੈ ਪਰ ਮੱਕੀ ਦਾ ਬੀਜ ਦੀ ਥੈਲੀ ਜੋ 1800 ਰੁਪਏ ਦੀ ਹੈ ਉਹੀ 3000 ਰੁਪਏ ਦੀ ਮਿਲ ਰਹੀ ਹੈ। ਦੁਆਬੇ ਵਿੱਚ ਕਿਸਾਨ ਡੀਏਪੀ ਦੀ ਮੰਗ ਕਰਦੇ ਹਨ ਪਰ ਡੀਏਪੀ ਨਾ ਮਿਲਣ ਕਰਕੇ ਉਨ੍ਹਾਂ ਦੀ ਫਸਲਾਂ ਦਾ ਨੁਕਸਾਨ ਹੋ ਰਿਹਾ ਹੈ।

### ਟਰੰਪ ਵੱਲੋਂ ਭੇਜਿਆ ਦੂਜਾ ਜਹਾਜ਼ ਵੀ ਅੰਮ੍ਰਿਤਸਰ ਲੈਂਡ

# ਅਮਰੀਕਾ ਤੋਂ ਡਿਪੋਰਟ ਹੋਏ 67 ਪੰਜਾਬੀ

**ਅੰਮ੍ਰਿਤਸਰ, 15 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਦੀ ਡੋਨਾਲਡ ਟਰੰਪ ਸਰਕਾਰ ਵੱਲੋਂ ਡਿਪੋਰਟ ਕੀਤੇ ਗਏ ਦੂਜੀ ਲੜੀ 'ਚ ਵਾਪਸ ਆਏ ਨੌਜਵਾਨਾਂ 'ਚ ਜ਼ਿਲ੍ਹਾ ਕਪੂਰਥਲਾ ਦੇ 10 ਨੌਜਵਾਨ ਦੱਸੇ ਜਾ ਰਹੇ ਹਨ। ਜਿਨ੍ਹਾਂ ਵਿਚੋਂ ਸਭ ਤੋਂ ਵੱਡੀ ਗਿਣਤੀ ਭੁਲੱਥ ਹਲਕੇ ਦੇ ਨੌਜਵਾਨਾਂ ਦੀ ਹੈ। ਭੁਲੱਥ ਹਲਕੇ ਦੇ 7 ਨੌਜਵਾਨ ਹਨ, ਜਦਕਿ ਫਗਵਾੜਾ ਹਲਕੇ ਤੋਂ ਇਕ ਅਤੇ ਸੁਲਤਾਨਪੁਰ ਲੋਧੀ ਹਲਕੇ ਦੇ ਦੋ ਨੌਜਵਾਨ ਅੱਜ ਦੀ ਫਲਾਈਟ ਵਿਚੋਂ ਵਾਪਸ ਆਏ। ਮਿਲੀ ਜਾਣਕਾਰੀ ਮੁਤਾਬਕ ਭੁਲੱਥ ਹਲਕੇ ਦੇ 7 ਨੌਜਵਾਨਾਂ ਵਿਚੋਂ 6 ਨੌਜਵਾਨ ਥਾਣਾ ਭੁਲੱਥ ਦੇ ਇਲਾਕੇ ਵਿਚ ਆਉਂਦੇ ਹਨ ਅਤੇ ਇਕ ਨੌਜਵਾਨ ਥਾਣਾ ਢਿੱਲਵਾਂ ਦੇ ਇਲਾਕੇ ਦਾ ਵਸਨੀਕ ਹੈ। ਦੱਸਣਯੋਗ ਹੈ ਕਿ ਅਮਰੀਕਾ ਤੋਂ ਡਿਪੋਰਟ



ਕੀਤੇ ਭਾਰਤੀਆਂ ਦੀ ਅੱਜ ਦੂਜੀ ਫਲਾਈਟ ਆਈ ਹੈ, ਜਿਸ ਵਿਚ 67 ਪੰਜਾਬੀਆਂ ਦੀ ਵਾਪਸੀ ਹੋਈ ਹੈ ਅਤੇ ਇਨ੍ਹਾਂ 67 ਪੰਜਾਬੀਆਂ ਵਿਚ ਜ਼ਿਲ੍ਹਾ ਕਪੂਰਥਲਾ ਦਾ ਵੱਡਾ ਅੰਕੜਾ ਹੈ, ਕਿਉਂਕਿ ਇਥੋਂ ਦੇ 10 ਨੌਜਵਾਨ ਡਿਪੋਰਟ ਕੀਤੇ ਦੱਸੇ ਜਾ ਰਹੇ ਹਨ। ਜੇਕਰ ਸਾਰੇ ਪੰਜਾਬ ਦੀ ਗੱਲ ਕਰੀਏ ਤਾਂ ਭੁਲੱਥ ਹਲਕੇ ਦੇ 7 ਨੌਜਵਾਨਾਂ ਦੀ ਵਾਪਸੀ ਇਕੋ ਫਲਾਈਟ ਰਾਹੀ ਹੋਣੀ ਵੱਡੀ ਗੱਲ ਹੈ। ਜ਼ਿਕਰਯੋਗ ਹੈ ਕਿ ਅਮਰੀਕਾ ਦੀ ਸਰਕਾਰ ਨੇ ਇਸ ਤੋਂ ਪਹਿਲਾਂ ਗੈਰ-ਕਾਨੂੰਨੀ ਤਰੀਕੇ ਨਾਲ ਅਮਰੀਕਾ ਪਹੁੰਚੇ ਨੌਜਵਾਨਾਂ ਨੂੰ ਡਿਪੋਰਟ ਕਰਕੇ ਵਾਪਸ ਭੇਜਿਆ ਸੀ। ਲੱਖਾਂ ਰੁਪਏ ਖ਼ਰਚ ਕੇ ਵਿਦੇਸ਼ ਤੋਂ ਇਉਂ ਖ਼ਾਲੀ ਹੱਥ ਹੈ ਪਰਤਣ ਕਾਰਨ ਇਨ੍ਹਾਂ ਨੌਜਵਾਨਾਂ ਦੇ ਪਰਿਵਾਰਾਂ 'ਚ ਜਿੱਥੇ ਨਿਰਾਸ਼ਾ ਦਾ ਆਲਮ ਹੈ, ਉੱਥੇ ਹੀ ਇਨ੍ਹਾਂ ਨੌਜਵਾਨਾਂ ਦਾ ਭਵਿੱਖ ਵੀ ਖ਼ਤਰੇ 'ਚ ਜਾਪਦਾ ਹੈ।

## ਅਮਰੀਕਾ ਤੋਂ ਡਿਪੋਰਟ ਹੋਏ ਲੋਕਾਂ ਨਾਲ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਪ੍ਰਗਟਾਈ ਹਮਦਰਦੀ

### ਸ਼੍ਰੋਮਣੀ ਕਮੇਟੀ ਵੱਲੋਂ ਰਿਹਾਇਸ਼ ਅਤੇ ਲੋੜ ਅਨੁਸਾਰ ਘਰ ਪਹੁੰਚਾਉਣ ਦੀ ਪੇਸ਼ਕਸ਼

**ਨਵੀਂ ਦਿੱਲੀ, 15 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅਮਰੀਕਾ ਤੋਂ ਡਿਪੋਰਟ ਕਰਕੇ ਭੇਜੇ ਜਾ ਰਹੇ ਭਾਰਤੀਆਂ ਨਾਲ ਹਮਦਰਦੀ ਪ੍ਰਗਟ ਕੀਤੀ ਹੈ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਜਾਰੀ ਇੱਕ ਬਿਆਨ ਵਿੱਚ ਕਿਹਾ ਕਿ ਜਿਹੜੇ ਲੋਕ ਵਿਸ਼ੇਸ਼ ਜਹਾਜ਼ਾਂ ਰਾਹੀਂ ਅੰਮ੍ਰਿਤਸਰ ਪੁੱਜ ਰਹੇ ਹਨ ਸ਼੍ਰੋਮਣੀ ਕਮੇਟੀ ਉਨ੍ਹਾਂ ਲਈ ਰਿਹਾਇਸ਼ ਅਤੇ ਲੋੜ ਅਨੁਸਾਰ ਉਨ੍ਹਾਂ ਨੂੰ ਘਰ ਪਹੁੰਚਾਉਣ ਦਾ ਪ੍ਰਬੰਧ ਕਰਨ ਲਈ ਤਿਆਰ ਹੈ। ਜਿਹੜੇ ਲੋਕ ਲੋੜ ਮਹਿਸੂਸ ਕਰਨ ਉਹ ਹਵਾਈ ਅੱਡੇ 'ਤੇ ਤਾਇਨਾਤ ਸ਼੍ਰੋਮਣੀ ਕਮੇਟੀ ਦੇ ਸਟਾਫ਼ ਤੱਕ ਪਹੁੰਚ ਕਰ ਸਕਦੇ ਹਨ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਸ ਗੱਲ ਉੱਤੇ ਵੀ ਇਤਰਾਜ਼ ਪ੍ਰਗਟ ਕੀਤਾ ਕਿ ਅਮਰੀਕਾ ਤੋਂ ਵਾਪਸ ਭੇਜੇ ਜਾ ਰਹੇ ਵਿਅਕਤੀਆਂ ਨਾਲ ਗੈਰ ਮਨੁੱਖੀ ਵਿਹਾਰ ਕਿਉਂ ਕੀਤਾ ਜਾ ਰਿਹਾ ਹੈ? ਹੱਥਕੜੀਆਂ ਅਤੇ ਬੇੜੀਆਂ ਪਾ ਕੇ ਉਨ੍ਹਾਂ ਦੇ ਮਨੁੱਖੀ ਅਧਿਕਾਰਾਂ ਨਾਲ ਖਿਲਵਾੜ ਕਰਨਾ ਦੁਖਦਾਈ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਦਾ ਦੋਸ਼ ਕੋਈ ਅਜਿਹਾ ਨਹੀਂ ਹੈ ਕਿ ਇਨ੍ਹਾਂ ਨਾਲ ਅਪਰਾਧੀਆਂ ਵਾਂਗ ਸਲੂਕ ਕੀਤਾ ਜਾਵੇ। ਐਡਵੋਕੇਟ ਧਾਮੀ ਨੇ ਸਰਕਾਰਾਂ ਪਾਸੋਂ ਵੀ ਮੰਗ ਕੀਤੀ ਕਿ ਜਿਹੜੇ ਲੋਕ ਗ਼ੈਰ-ਕਾਨੂੰਨੀ ਪ੍ਰਵਾਸ ਲਈ ਲੋਕਾਂ ਪਾਸੋਂ ਲੱਖਾਂ ਰੁਪਏ ਲੈ ਕੇ ਧੋਖਾ ਕਰ ਰਹੇ ਹਨ ਉਨ੍ਹਾ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।



## ਮਹਾਕੁੰਭ 'ਚ ਫਿਰ ਮਚੀ ਹਾਹਾਕਾਰ... ਸੈਕਟਰ 18-19 'ਚ ਲੱਗੀ ਭਿਆਨਕ ਅੱਗ, ਕਈ ਪੰਡਾਲ ਸੜ ਕੇ ਸੁਆਹ

**ਪ੍ਰਯਾਗਰਾਜ, 15 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪ੍ਰਯਾਗਰਾਜ ਵਿੱਚ ਚੱਲ ਰਹੇ ਮਹਾਂਕੁੰਭ ਮੇਲੇ ਦੇ ਸੈਕਟਰ 18 ਅਤੇ 19 'ਚ ਸ਼ਨੀਵਾਰ ਨੂੰ ਕਈ ਪੰਡਾਲਾਂ ਵਿੱਚ ਅੱਗ ਲੱਗ ਗਈ। ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀਆਂ ਕਈ ਗੱਡੀਆਂ ਮੌਕੇ 'ਤੇ ਪਹੁੰਚ ਗਈਆਂ ਅਤੇ ਅੱਗ ਬੁਝਾਉਣ ਦਾ ਕੰਮ ਸ਼ੁਰੂ ਕਰ ਦਿੱਤਾ। ਫਿਲਹਾਲ ਇਸ ਘਟਨਾ ਵਿੱਚ ਕਿਸੇ ਵੀ ਤਰ੍ਹਾਂ ਦੇ ਜਾਨੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ। ਨਾਲ ਹੀ ਅੱਗ ਲੱਗਣ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ ਹੈ। ਤੁਹਾਨੂੰ ਦੱਸ ਦੇਈਏ ਕਿ ਇਸ ਤੋਂ ਪਹਿਲਾਂ ਵੀ ਮਹਾਂਕੁੰਭ ਮੇਲਾ ਖੇਤਰ ਵਿੱਚ ਅਰੈਲ ਵੱਲ ਸਥਿਤ ਸੈਕਟਰ 23 ਵਿੱਚ 9 ਫਰਵਰੀ (ਐਤਵਾਰ) ਦੀ ਰਾਤ ਨੂੰ ਅੱਗ ਲੱਗ ਗਈ ਸੀ। ਘਟਨਾ ਤੋਂ ਬਾਅਦ ਮੌਕੇ 'ਤੇ ਪਹੁੰਚੇ ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਨੇ ਤੁਰੰਤ ਅੱਗ 'ਤੇ ਕਾਬੂ ਪਾਇਆ। ਅੱਗ ਲੱਗਣ ਦਾ ਕਾਰਨ ਗੈਸ ਸਿਲੰਡਰ ਦੱਸਿਆ ਜਾ ਰਿਹਾ ਸੀ। ਸ਼ੁਰੂਆਤੀ ਰਿਪੋਰਟਾਂ ਦੇ ਅਨੁਸਾਰ, ਮਹਾਰਾਜਾ ਭੋਗ ਨਾਮਕ ਇੱਕ ਫੂਡ ਸਟਾਲ ਵਿੱਚ ਅੱਗ ਲੱਗ ਗਈ ਜਿਸਨੇ ਕਈ ਪੰਡਾਲਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ। 9 ਫਰਵਰੀ ਤੋਂ ਦੋ ਦਿਨ ਪਹਿਲਾਂ ਵੀ ਮਹਾਂਕੁੰਭ ? ?ਮੇਲਾ ਖੇਤਰ ਵਿੱਚ ਅੱਗ ਲੱਗਣ ਦੀ ਘਟਨਾ ਸਾਹਮਣੇ ਆਈ ਸੀ। ਫਿਰ ਸੈਕਟਰ-18 ਦੇ ਸ਼ੰਕਰਾਚਾਰੀਆ ਮਾਰਗ 'ਤੇ ਸਥਿਤ ਇੱਕ ਕੈਂਪ ਵਿੱਚ ਅੱਗ ਲੱਗ ਗਈ। ਇਸ ਘਟਨਾ ਵਿੱਚ ਕਈ ਟੈਂਟ ਸੜ ਕੇ ਸੁਆਹ ਹੋ ਗਏ। ਸ਼ੁਕਰ ਹੈ ਕਿ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਫਾਇਰ ਬ੍ਰਿਗੇਡ ਨੇ ਤੇਜ਼ੀ ਨਾਲ ਕਾਰਵਾਈ ਕੀਤੀ ਅਤੇ ਕਿਸੇ ਵੀ ਵੱਡੀ ਘਟਨਾ ਤੋਂ ਪਹਿਲਾਂ ਅੱਗ 'ਤੇ ਕਾਬੂ ਪਾ ਲਿਆ।



30 ਜਨਵਰੀ ਨੂੰ ਮਹਾਂਕੁੰਭ ਦੇ ਸੈਕਟਰ 22 ਦੇ ਕਈ ਪੰਡਾਲਾਂ ਵਿੱਚ ਵੀ ਅੱਗ ਲੱਗ ਗਈ। ਇਸ ਅੱਗ ਵਿੱਚ 15 ਟੈਂਟ ਸੜ ਕੇ ਸੁਆਹ ਹੋ ਗਏ। 19 ਜਨਵਰੀ ਨੂੰ ਮਹਾਂਕੁੰਭ ? ?ਮੇਲੇ ਦੇ ਸੈਕਟਰ 19 ਵਿੱਚ ਅੱਗ ਲੱਗਣ ਦੀ ਇੱਕ ਹੋਰ ਘਟਨਾ ਵਾਪਰੀ, ਜਦੋਂ ਇੱਕ ਕੈਂਪ ਵਿੱਚ ਰੱਖੀ ਘਾਹ ਨੂੰ ਅੱਗ ਲੱਗ ਗਈ। ਇਸ ਘਟਨਾ ਵਿੱਚ ਲਗਭਗ 18 ਕੈਂਪ ਸੜ ਕੇ ਸੁਆਹ ਹੋ ਗਏ। ਹਾਲਾਂਕਿ, ਦੋਵੇਂ ਵਾਰ ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਨੇ ਤੁਰੰਤ ਅੱਗ 'ਤੇ ਕਾਬੂ ਪਾਇਆ ਅਤੇ ਕੋਈ ਜਾਨੀ ਨੁਕਸਾਨ ਨਹੀਂ ਹੋਇਆ।


## ਲੰਮੇ ਸਮੇਂ ਤੋਂ ਚੱਲ ਰਹੀ ਸੀ ਡੰਕੀ ਦੇ ਰਸਤੇ ਅਮਰੀਕਾ ਭੇਜਣ ਦੀ ਖੇਡ, ਕਬੂਤਰਬਾਜ਼ਾਂ 'ਚ ਮਚੀ ਭਾਰੀ ਦਹਿਸ਼ਤ

**ਚੰਡੀਗੜ੍ਹ, 15 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕੁਝ ਦਿਨ ਪਹਿਲਾਂ ਅਮਰੀਕਾ ਤੋਂ ਡਿਪੋਰਟ ਕੀਤੇ ਗਏ ਪੰਜਾਬੀ ਨੌਜਵਾਨਾਂ ਦੇ ਮਾਮਲੇ ਵਿਚ ਪੰਜਾਬ ਸਰਕਾਰ ਵੱਲੋਂ ਸਾਰੇ ਜ਼ਿਲ੍ਹਿਆਂ ਦੀ ਪੁਲਸ ਨੂੰ ਦਿੱਤੇ ਗਏ ਹੁਕਮਾਂ ਤੋਂ ਬਾਅਦ ਜਿਸ ਤਰ੍ਹਾਂ ਪੁਲਸ ਨੇ 2-3 ਦਿਨਾਂ ਦੇ ਅੰਦਰ-ਅੰਦਰ ਇਨ੍ਹਾਂ ਨੌਜਵਾਨਾਂ ਤੋਂ ਕਰੋੜਾਂ ਰੁਪਏ ਠੱਗਣ ਵਾਲੇ 10 ਜਾਅਲੀ ਟ੍ਰੈਵਲ ਏਜੰਟਾਂ ਖ਼ਿਲਾਫ਼ ਤੇਜ਼ੀ ਨਾਲ ਕਾਰਵਾਈ ਕੀਤੀ ਹੈ, ਉਸ ਨਾਲ ਕਪੂਰਥਲਾ ਜ਼ਿਲ੍ਹੇ ਸਮੇਤ ਪੂਰੇ ਸੂਬੇ ਵਿੱਚ ਸਰਗਰਮ ਉਨ੍ਹਾਂ ਜਾਅਲੀ ਟਰੈਵਲ ਏਜੰਟਾਂ ਵਿੱਚ ਦਹਿਸ਼ਤ ਫੈਲ ਗਈ ਹੈ, ਜੋ ਲੰਬੇ ਸਮੇਂ ਤੋਂ ਮਾਸੂਮ ਨੌਜਵਾਨਾਂ ਨੂੰ ਮੈਕਸੀਕੋ ਰਾਹੀਂ ਅਮਰੀਕਾ ਭੇਜਣ ਦਾ ਵਾਅਦਾ ਕਰਕੇ ਲੱਖਾਂ-ਕਰੋੜਾਂ ਰੁਪਏ ਠੱਗਣ ਲਈ ਸੁਰਖੀਆਂ ਵਿੱਚ ਰਹੇ ਹਨ। ਉੱਥੇ ਹੀ ਹੁਣ ਚੰਡੀਗੜ੍ਹ ਪੁਲਸ ਵੱਲੋਂ ਫਰਜੀ ਟ੍ਰੈਵਲ ਏਜੰਟਾਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਬੁੱਧਵਾਰ ਨੂੰ ਕਈ ਇਮੀਗ੍ਰੇਸ਼ਨ ਦਫ਼ਤਰਾਂ ਦੀ ਜਾਂਚ ਦੇ ਨਾਲ-ਨਾਲ ਦੋ ਨਕਲੀ ਟਰੈਵਲ ਏਜੰਟਾਂ ਦੀ ਗ੍ਰਿਫ਼ਤਾਰੀ ਨੇ ਇਸ ਦਹਿਸ਼ਤ ਨੂੰ ਹੋਰ ਵਧਾ ਦਿੱਤਾ ਹੈ। ਜ਼ਿਕਰਯੋਗ ਹੈ ਕਿ ਹਾਲ ਹੀ ਵਿੱਚ ਅਮਰੀਕਾ ਤੋਂ ਡਿਪੋਰਟ ਕੀਤੇ ਗਏ 104 ਭਾਰਤੀਆਂ ਵਿੱਚੋਂ 30 ਨੌਜਵਾਨ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਨਿਕਲੇ, ਜਿਸ ਬਾਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਾਰੇ ਜ਼ਿਲ੍ਹਿਆਂ ਦੇ ਪੁਲਸ ਕਮਿਸ਼ਨਰ ਅਤੇ ਐੱਸ.ਐੱਸ.ਪੀ. ਰੈਂਕ ਦੇ ਅਧਿਕਾਰੀਆਂ ਨੂੰ ਇਨ੍ਹਾਂ ਮਾਸੂਮ ਨੌਜਵਾਨਾਂ ਨੂੰ ਗਲਤ ਤਰੀਕੇ ਨਾਲ ਅਮਰੀਕਾ ਭੇਜਣ ਦਾ ਝਾਂਸਾ ਦੇ ਕੇ ਉਨ੍ਹਾਂ ਪਾਸੋਂ ਮੋਟੀ ਰਕਮ ਵਸੂਲਣ ਵਾਲੇ ਫਰਜੀ ਟ੍ਰੈਵਲ ਏਜੰਟਾਂ ਦੇ ਖ਼ਿਲਾਫ਼ ਇਕ ਹੀ ਦਿਨ 'ਚ ਪੂਰੀ ਕਾਰਵਾਈ ਨੂੰ ਅੰਜਾਮ ਦੇਣ ਦੇ ਹੁਕਮ ਜਾਰੀ ਕੀਤੇ ਗਏ ਸੀ। ਅਜਿਹੇ ਟ੍ਰੈਵਲ ਏਜੰਟਾਂ ਨੂੰ ਫੜਨ ਲਈ ਏ.ਡੀ.ਜੀ.ਪੀ. ਪ੍ਰਵੀਨ ਸਿਨਹਾ ਦੀ ਨਿਗਰਾਨੀ 'ਚ ਇਕ ਪੰਜ ਮੈਂਬਰੀ ਐੱਸ.ਆਈ.ਟੀ. ਦਾ ਗਠਨ ਕੀਤਾ ਗਿਆ ਸੀ, ਜੋ ਸਾਰੇ ਜ਼ਿਲ੍ਹਿਆਂ ਦੀ ਪੁਲਸ ਦੇ ਨਾਲ ਮਿਲ ਕੇ ਅਜਿਹੇ ਫਰਜੀ ਟ੍ਰੈਵਲ ਏਜੰਟਾਂ ਖ਼ਿਲ਼ਾਫ ਵੱਡੀ ਮੁਹਿੰਮ ਚਲਾਵੇਗੀ। ਜ਼ਿਕਰਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਇਨ੍ਹਾਂ ਹੁਕਮਾਂ ਤੋਂ ਬਾਅਦ ਅਜਿਹੇ ਫਰਜੀ ਟ੍ਰੈਵਲ ਏਜੰਟਾਂ 'ਚ ਬਹੁਤ ਦਹਿਸ਼ਤ ਫੈਲ ਗਈ ਹੈ, ਜੋ ਕਪੂਰਥਲਾ ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ ਖ਼ਾਸ ਕਰਕੇ ਭੁਲੱਥ, ਸੁਲਤਾਨਪੁਰ ਲੋਧੀ, ਕਪੂਰਥਲਾ ਅਤੇ ਫਗਵਾੜਾ ਦੇ ਕਸਬਿਆਂ ਅਤੇ ਪੇਂਡੂ ਇਲਾਕਿਆਂ 'ਚ ਸਰਗਰਮ ਹਨ ਅਤੇ ਮਾਸੂਮ ਨੌਜਵਾਨਾਂ ਨੂੰ ਅਮਰੀਕਾ 'ਚ ਸੈਟਲ ਹੋਣ ਦਾ ਸੁਫ਼ਨਾ ਵਿਖਾ ਰਹੇ ਸੀ। ਪਰ ਹੁਣ ਅਮਰੀਕਾ ਤੋਂ ਆਏ ਨੌਜਵਾਨਾਂ ਦੀ ਬਦਕਿਸਮਤੀ ਨਾਲ ਆਪਣੀ ਵਤਨ ਵਾਪਸੀ ਨੇ ਪੂਰੇ ਪੰਜਾਬ ਨੂੰ ਹਿਲਾ ਕੇ ਰੱਖ ਦਿੱਤਾ ਹੈ। ਇਸ ਦੇ ਨਾਲ ਹੀ ਪਹਿਲੀ ਵਾਰ ਇਨ੍ਹਾਂ ਫਰਜ਼ੀ ਟ੍ਰੈਵਲ ਏਜੰਟਾਂ 'ਚ ਅਜਿਹਾ ਡਰ ਵੇਖਿਆ ਜਾ ਰਿਹਾ ਹੈ ਜੋ ਲੰਬੇ ਸਮੇਂ ਤੋਂ ਨਿਡਰਤਾ ਨਾਲ ਲੋਕਾਂ ਨੂੰ ਗੈਰਕਾਨੂੰਨੀ ਢੰਗ ਨਾਲ ਅਮਰੀਕਾ ਭੇਜ ਰਹੇ ਹਨ। ਕਿਹਾ ਜਾਂਦਾ ਹੈ ਕਿ ਲੋਕਾਂ ਨੂੰ ਅਮਰੀਕਾ ਭੇਜਣ ਦੇ ਇਸ ਗੈਰ-ਕਾਨੂੰਨੀ ਕਾਰੋਬਾਰ 'ਚ ਬਹੁਤ ਸਾਰੇ ਅਜਿਹੇ ਲੋਕ ਸ਼ਾਮਲ ਹਨ, ਜਿਨ੍ਹਾਂ ਨੇ ਦੱਖਣੀ ਅਮਰੀਕਾ, ਗੁਆਟੇਮਾਲਾ, ਮੈਕਸੀਕੋ ਅਤੇ ਅਲਸਲਵਾਡੋਰ 'ਚ ਆਪਣੇ ਦਫ਼ਤਰ ਖੋਲ੍ਹੇ ਹੋਏ ਹਨ ਤੇ ਅਜਿਹੇ ਫਰਜੀ ਟ੍ਰੈਵਲ ਏਜੰਟ ਅਕਸਰ ਇਨ੍ਹਾਂ ਦੇਸ਼ਾ ਦਾ ਦੌਰਾ ਕਰਦੇ ਹਨ ਪਰ ਇਸ ਦੇ ਬਾਵਜੂਦ ਲੰਬੇ ਸਮੇਂ ਤੋਂ ਉਨ੍ਹਾਂ ਖ਼ਿਲਾਫ਼ ਕੋਈ ਠੋਸ ਕਾਰਵਾਈ ਨਾ ਹੋਣ ਕਾਰਨ ਉਹ ਸ਼ਰੇਆਮ ਇਹ ਆਪਣੇ ਘਰਾਂ ਅਤੇ ਦਫ਼ਤਰਾਂ 'ਚ ਸਰੇਆਮ ਡੌਂਕੀ ਦੇ ਰਸਤੇ ਅਮਰੀਕਾ ਭੇਜਣ ਦਾ ਖੇਡ ਚਲਾ ਰਹੇ ਸੀ ਪਰ ਹੁਣ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਇਸ ਸਖ਼ਤ ਮੁਹਿੰਮ ਨੇ ਇਨ੍ਹਾਂ ਫਰਜੀ ਟ੍ਰੈਵਲ ਏਜੰਟਾਂ ਨੂੰ ਜਿੱਥੇ ਆਪਣੇ ਠਿਕਾਣਿਆ ਤੋਂ ਗਾਇਬ ਹੋਣ ਦੇ ਲਈ ਮਜਬੂਰ ਕਰ ਦਿੱਤਾ ਹੈ।




## ਪੰਜਾਬ 'ਚ 4 ਥਾਵਾਂ 'ਤੇ ਲਵਾਏ ਖਾਲਿਸਤਾਨੀ ਪੋਸਟਰ, ਪੰਨੂ ਨੇ ਮੁੱਖ ਮੰਤਰੀ ਮਾਨ ਨੂੰ ਮੁੜ ਦਿੱਤੀ ਧਮਕੀ; ਕਰ'ਤਾ ਵੱਡਾ ਐਲਾਨ

**ਚੰਡੀਗੜ੍ਹ, 15 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਭਾਰਤ ਵਿੱਚ ਸਿੱਖ ਫਾਰ ਜਸਟਿਸ (SFJ) ਦੇ ਮੁਖੀ ਗੁਰਪਤਵੰਤ ਸਿੰਘ ਪੰਨੂ ਨੇ ਇੱਕ ਵਾਰ ਫਿਰ ਪੰਜਾਬ ਵਿੱਚ ਖਾਲਿਸਤਾਨ ਦੇ ਸਮਰਥਨ ਵਿੱਚ ਪੋਸਟਰ ਲਗਾਏ ਹਨ। ਇਹ ਪੋਸਟਰ ਨਕੋਦਰ ਵਿੱਚ 4 ਥਾਵਾਂ 'ਤੇ ਲਗਾਏ ਗਏ ਹਨ। ਪੰਨੂ ਨੇ ਇਸ ਪੂਰੀ ਘਟਨਾ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਕਰ ਦਿੱਤੀ ਹੈ ਅਤੇ ਇਸ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੂੰ ਧਮਕੀ ਵੀ ਦਿੱਤੀ ਹੈ। ਪੰਨੂ ਵੱਲੋਂ ਵਾਇਰਲ ਕੀਤੀ ਗਈ ਵੀਡੀਓ ਵਿੱਚ ਕਿਹਾ ਗਿਆ ਹੈ ਕਿ ਜਲੰਧਰ ਦੇ ਨਕੋਦਰ ਸ਼ਹਿਰ ਵਿੱਚ 4 ਥਾਵਾਂ 'ਤੇ ਖਾਲਿਸਤਾਨੀ ਪੋਸਟਰ ਲਗਾਏ ਗਏ ਹਨ। ਬਹੁਤ ਸਮੇਂ ਬਾਅਦ ਇਸ ਸੰਗਠਨ ਨੇ ਪੋਸਟਰਾਂ ਦੀ ਵਰਤੋਂ ਕੀਤੀ ਹੈ। ਨਹੀਂ ਤਾਂ, ਇਹ ਸੰਗਠਨ ਲੰਬੇ ਸਮੇਂ ਤੋਂ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਖਾਲਿਸਤਾਨੀ ਨਾਅਰੇ ਲਿਖਣ ਦਾ ਕੰਮ ਕਰ ਰਿਹਾ ਸੀ। 2019 ਵਿੱਚ SFJ 'ਤੇ ਪਾਬੰਦੀ ਤੋਂ ਬਾਅਦ ਭੜਕੇ ਗੁਰਪਤਵੰਤ ਸਿੰਘ ਪੰਨੂ ਦੀਆਂ ਗਤੀਵਿਧੀਆਂ ਨਾਲ ਜੁੜੇ ਕਈ ਲੋਕ ਪੁਲਿਸ ਹਿਰਾਸਤ ਵਿੱਚ ਹਨ। ਪੰਨੂ ਵੱਲੋਂ ਜਾਰੀ ਵੀਡੀਓ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਉਸ ਦੇ ਗੁਰਗਿਆਂ ਨੇ ਚਾਰ ਥਾਵਾਂ 'ਤੇ ਪੋਸਟਰ ਲਗਾਏ ਹਨ। ਵੀਡੀਓ ਵਿੱਚ, ਪੰਨੂ ਨੇ ਕਿਹਾ ਕਿ ਇਹ ਖਾਲਿਸਤਾਨੀ ਪੋਸਟਰ ਪੰਜਾਬ ਵਿੱਚ ਉਸ ਸਮੇਂ ਲਗਾਏ ਗਏ ਸਨ ਜਦੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਵੇਂ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਮਿਲ ਰਹੇ ਸਨ। ਪੰਜਾਬ ਵਿੱਚ ਇੱਥੇ ਲਗਾਏ ਗਏ ਪੋਸਟਰ-



ਸਟੇਟ ਪਬਲਿਕ ਸਕੂਲ, ਨਕੋਦਰ
ਗੁਰੂ ਨਾਨਕ ਨੈਸ਼ਨਲ ਕਾਲਜ, ਨਕੋਦਰ
ਡਾ. ਅੰਬੇਡਕਰ ਚੌਕ, ਨਕੋਦਰ
ਆਦਰਸ਼ ਕਲੋਨੀ, ਨਕੋਦਰ

ਪੰਨੂ ਨੇ ਆਪਣੀ ਵੀਡੀਓ ਵਿੱਚ ਸੀਐਮ ਭਗਵੰਤ ਮਾਨ ਨੂੰ ਵੀ ਧਮਕੀ ਦਿੱਤੀ ਹੈ। ਵੀਡੀਓ ਵਿੱਚ ਪੰਨੂ ਨੇ ਕਿਹਾ ਕਿ ਉਨ੍ਹਾਂ ਦੀ ਰਾਜਨੀਤਿਕ ਸਫਰ ਦੇ ਖਤਮ ਹੋਣ ਦੀ ਸ਼ੁਰੂਆਤ ਪਿੰਡ ਸਤੋਜ ਤੋਂ ਸ਼ੁਰੂ ਹੋ ਗਈ ਹੈ। ਉਨ੍ਹਾਂ ਨੂੰ ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ ਨੂੰ ਯਾਦ ਰੱਖਣਾ ਚਾਹੀਦਾ ਹੈ। ਜੋ ਲੋਕ ਖਾਲਿਸਤਾਨ ਦੇ ਪੋਸਟਰ ਲਗਾ ਸਕਦੇ ਹਨ, ਉਹ ਹਥਿਆਰ ਵੀ ਚੁੱਕ ਸਕਦੇ ਹਨ।

# AWAZE QAUM TOUR & TRAVEL UK & SINGH TRAVEL CANADA JATHA

15 ਸਾਲ ਤੋਂ ਸੰਗਤਾਂ ਦੀ ਸੇਵਾ ਕਰ ਰਹੇ ਹਾਂ - YATRA SEWA SINCE 2010

# YATRA NANKANA SAHIB


WE WILL ALSO BE VISITING 25+ GURDWARA'S AND HISTORICAL PLACES

## 20 FEBRUARY TO 27 FEBRUARY, 2025

UK, EUROPE, ITALY, CANADA, USA SANGAT CAN JOIN OUR JATHA WITH FAMILIES & FRIENDS









### YATRA INCLUDES:

- GURDWARA NANKANA SAHIB
- GURDWARA PATTI SAHIB
- GURDWARA TAMBU SAHIB
- GURDWARA KIARA SAHIB
- GURDWARA MALJI SAHIB
- GURDWARA BAL LILA SAHIB
- GURDWARA SACHA SAUDA
- GURDWARA RORI SAHIB
- GURDWARA PANJA SAHIB
- GURDWARA BEBE DI BER SIALKOT
- GURDWARA DERA SAHIB
- JANAM ASTHAN BEBE NANKI JI
- BHAI LALU JI DA GHAR
- JANAM ASTHAN GURU RAMDAS JI
- GURDWARA SHRI KARTARPUR SAHIB
- GURDWARA SHAHEED GANJ LAHORE
- MATA SAHIB KAUR JI JANAM ASTHAN
- DARBAR SAI MIAN MIR JI
- SHAHI QILA (SIKH FORT)
- SHOPPING AT ANARKALI BAZAR

Yatra Booking, Please contact:

**RAGHBIR SINGH**

**Tel: +44 7976 210161**


### YATRA PACKAGE INCLUDES:

PAKISTAN VISA + HOTEL (TWIN SHARED) + LUXURY TRANSPORT + VEG FOOD + MINERAL WATER + TRIP YATRA PHOTO & VIDEOS + WiFi & MUCH MORE

**CANADA. +1 647-231-1600 - USA. +1 716-342-6007**

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਨਾਮ ਜਪੋ / ਕਿਰਤ ਕਰੋ / ਵੰਡ ਛਕੋ — Naam Japo / Kirat Karo / Vand Shako

ਦਮਦਮੀ ਟਕਸਾਲ

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਧੰਨ ਧੰਨ ਮਾਤਾ ਗੁਜ਼ਰ ਕੌਰ ਜੀ ਦੀ 400 ਸਾਲਾ ਜਨਮ ਸ਼ਤਾਬਦੀ ਨੂੰ ਸਮਰਪਿਤ

## ਸਲਾਨਾ ਗੁਰਮਤਿ ਸਮਾਗਮ

## 21 ਲੋੜਵੰਦ ਪ੍ਰੀਵਾਰਾਂ ਦੀਆਂ ਲੜਕੀਆਂ ਦੇ ਵਿਆਹ

ਸਥਾਨ - ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜ਼ਿਲ੍ਹਾ ਸਿਰਸਾ (ਹਰਿਆਣਾ) ਵਿਖੇ

**ਮਹਾਨ ਨਗਰ ਕੀਰਤਨ**
ਮਿਤੀ 22 ਫਰਵਰੀ 2025
ਸਵੇਰੇ 10 ਤੋਂ ਸ਼ਾਮ 5 ਵਜੇ ਤੱਕ

**ਅਨੰਦ ਕਾਰਜ ਅਤੇ ਗੁਰਮਤਿ ਸਮਾਗਮ**
ਮਿਤੀ 23 ਫਰਵਰੀ 2025
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ



LIVE ON
Akaal
CHARDIKLA TIME TV
Ms. Singh Production
ਆਵਾਜ਼ਿ ਕੌਮ AWAZE QAUM TV
YouTube
Jathedar Baljit Singh Khalsa Daduwal

ਪ੍ਰਸਿੱਧ ਸਮਾਜਸੇਵੀ ਹਰਵਿੰਦਰ ਸਿੰਘ ਹੈਰੀ ਘੁਮਾਣ USA, ਸ੍ਰੀ ਗੌਰਵ ਧੀਮਾਨ ਰਾਜਪੁਰਾ, ਅਟਾਰਨੀ ਸ਼ੁਬੇਗ ਸਿੰਘ ਮੁਲਤਾਨੀ USA, ਸ. ਸੁਖਦੀਪ ਸਿੰਘ ਓਬਰਾਏ ਚੰਡੀਗੜ, ਜਥੇਦਾਰ ਚਰਨ ਸਿੰਘ ਪ੍ਰੇਮਪੁਰਾ USA, ਪਦਮ ਸ੍ਰੀ ਜਗਜੀਤ ਸਿੰਘ ਦਰਦੀ ਚੜਦੀਕਲਾ ਗਰੁੱਪ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ ।

ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ

ਨੋਟ: ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਸੰਪਰਕ ਨੰ: 93560-60960, 93560-60953


ਬੇਨਤੀ ਕਰਤਾ -
**ਜਥੇਦਾਰ ਬਲਜੀਤ ਸਿੰਘ ਦਾਦੂਵਾਲ**
ਚੇਅਰਮੈਨ ਸੁੱਖ ਸੇਵਾ ਸਿਮਰਨ ਟਰਸੱਟ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥


# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਪ੍ਰਕਾਸ਼ ਪੁਰਬ











ਪ੍ਰਕਾਸ਼ ਪੁਰਬ : ਧੰਨ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ, ਜ਼ਨਮ ਦਿਹਾੜਾ : ਸ਼੍ਰੋਮਣੀ ਭਗਤ, ਭਗਤ ਰਵਿਦਾਸ ਸਾਹਿਬ ਜੀ, ਜਨਮ ਦਿਵਸ : ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਸਾਹਿਬ ਜੀ, ਜਨਮ ਦਿਵਸ : ਸੰਤ ਗਿਆਨੀ ਗੁਰਬਚਨ ਸਿੰਘ ਜੀ ਦਮਦਮੀ ਟਕਸਾਲ ਭਿੰਡਰਾਂਵਾਲੇ, ਸਲਾਨਾ ਬਰਸੀ : ਸੰਤ ਗਿਆਨੀ ਸੁੰਦਰ ਸਿੰਘ ਜੀ ਦਮਦਮੀ ਟਕਸਾਲ ਭਿੰਡਰਾਂਵਾਲੇ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ 14 ਫਰਵਰੀ ਸ਼ੁੱਕਰਵਾਰ 10;00 ਵਜੇ ਹੋਵੇਗੀ 16 ਫਰਵਰੀ ਐਤਵਾਰ 10:00 ਵਜੇ ਪੈਣਗੇ ਸਾਰੀ ਸੇਵਾ ਇਲਾਕਾ ਨਿਵਾਸੀ ਸਿੱਖ ਸੰਗਤਾਂ ਵੱਲੋਂ ਲਈ ਗਈ ਹੈ

☛ ਸ਼ਨਿੱਚਰਵਾਰ 15 ਫਰਵਰੀ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ। ☛ ਐਤਵਾਰ 16 ਫਰਵਰੀ 2025 ਨੂੰ 6:30 ਵਜੇ ਸਵੇਰੇ ਚੋਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਬਾਬਾ ਦਿਲਬਾਗ ਸਿੰਘ ਗੁਰਦਾਸਪੁਰ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ
ਵਾਲਿਆਂ ਦੇ ਜਨਮ ਅਸਥਾਨ ਗੁ: ਸੰਤ ਖਾਲਸਾ ਪਿੰਡ ਰੋਡੇ ਵਿਖੇ
ਸਲਾਨਾ ਮਹਾਨ
ਗੁਰਮਤਿ ਸਮਾਗਮ
ਮਿਤੀ 16 ਫਰਵਰੀ ਤੋਂ 22 ਫਰਵਰੀ 2025 ਤੱਕ-ਸਮਾਂ ਸ਼ਾਮ 4 ਵਜੇ ਤੋਂ ਸ਼ਾਮ 6 ਵਜੇ ਤੱਕ
ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਸਿੰਘ ਸਾਹਿਬਾਨ ਅਤੇ ਮਹਾਂਪੁਰਸ਼
16, 17 ਫਰਵਰੀ
19 ਫਰਵਰੀ
20 ਫਰਵਰੀ
21 ਫਰਵਰੀ
22 ਫਰਵਰੀ
22 ਫਰਵਰੀ
ਨਗਰ ਕੀਰਤਨ
18 ਫਰਵਰੀ 2025 ਦਿਨ ਮੰਗਲਵਾਰ
ਕਵੀਸ਼ਰੀ ਜੱਥਾ ਜਗਜੀਵਨ ਸਿੰਘ ਰੋਡਿਆਂ ਵਾਲੇ
ਇੱਥੇ ਵਿੱਦਿਆਰਥੀਆਂ ਨੂੰ ਗੁਰਬਾਣੀ ਦੀ ਸੰਥਿਆ ਅਤੇ ਕਥਾ, ਕੀਰਤਨ ਦੀ ਸਿਖਲਾਈ ਵੀ ਦਿੱਤੀ ਜਾਂਦੀ ਹੈ।
ਵਿਸ਼ੇਸ਼ ਨੋਟ: ਹਰ ਸੰਗਰਾਂਦ ਵਾਲੇ ਦਿਨ ਅੰਮ੍ਰਿਤ ਸੰਚਾਰ ਹੁੰਦਾ ਹੈ ਜੀ (ਸਮਾਂ ਸਵੇਰੇ 10:00 ਵਜੇ)
ਬੇਨਤੀ ਕਰਤਾ:- ਸਮੂਹ ਨਗਰ ਨਿਵਾਸੀ, ਨਗਰ ਪੰਚਾਇਤਾਂ ਅਤੇ NRI ਵੀਰ
M. 99157-09468, 97815-52538, 98140-29018


ਨਾਨਕ ਨਾਮ ਚੜ੍ਹਦੀਕਲਾ, ਤੇਰੇ ਭਾਣੇ ਸਰਬੱਤ ਦਾ ਭਲਾ
ਲੋੜਵੰਦ ਪਰਿਵਾਰਾਂ ਦੀਆਂ
72 ਬੱਚੀਆਂ ਦੇ ਸਮੂਹਿਕ ਆਨੰਦ ਕਾਰਜ
51 ਬੱਚੀਆਂ ਦੇ ਅਨੰਦ ਕਾਰਜ
ਮਿਤੀ 12 ਫਰਵਰੀ 2025
ਸਥਾਨ:-
ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ
21 ਬੱਚੀਆਂ ਦੇ ਅਨੰਦ ਕਾਰਜ
ਮਿਤੀ 23 ਫਰਵਰੀ 2025
ਸਥਾਨ:-
ਗੁਰਦੁਆਰਾ ਗੁਰੂ ਗੁੰਬਸਰ ਦਾਦੂ ਸਾਹਿਬ ਸਿਰਸਾ
ਹਰ ਸਾਲ ਦੀ ਤਰਾਂ ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਲੋੜੀਂਦਾ
ਸਾਜੋ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ
ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਬੱਚੀਆਂ ਦੇ ਨਾਮ ਦਰਜ ਕਰਾਉਣ ਲਈ ਹੇਠ ਲਿਖੇ
ਨੰਬਰਾਂ ਤੇ ਸੰਪਰਕ ਕੀਤਾ ਜਾਵੇ ਜੀ
93560-60960, 81468-06395, 80540-55473
ਬੇਨਤੀ ਕਰਤਾ -
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਸੁੱਖ ਸੇਵਾ ਸਿਮਰਨ ਟਰੱਸਟ
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ, ਸ਼੍ਰੋਮਣੀ ਅਕਾਲੀ ਦਲ ਆਜ਼ਾਦ ਅਤੇ ਸਮੂੰਹ ਸਾਧ ਸੰਗਤ





ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

**Important Note:** The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang

+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

**ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK**

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223




### ਜਥੇਦਾਰ ਹਰਪ੍ਰੀਤ ਸਿੰਘ ਜੀ ਦੀ ਜਬਰੀ ਸੇਵਾ ਮੁਕਤੀ

## ਸੁਖਬੀਰ ਸਿੰਘ ਬਾਦਲ ਦੀ ਅਰਥੀ ਵਿੱਚ ਆਖ਼ਰੀ ਕਿੱਲ ਦਾ ਕੰਮ ਕਰੇਗੀ : ਸੁਖਬੀਰ ਸਿੰਘ ਬਲਬੇੜਾ




**ਅੱਜ ਸਿੱਖ** ਪੰਥ ਦੇ ਸੇਵਾਦਾਰ ਭਾਈ ਸੁਖਬੀਰ ਸਿੰਘ ਨੇ ਪ੍ਰੈਸ ਨੂੰ ਜਾਰੀ ਕਰਦਿਆਂ ਕਿਹਾ ਕਿ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੂੰ ਅਹੁਦੇ ਤੋਂ ਹਟਾਉਣ ਲਈ ਵਰਤੇ ਗਏ ਕਾਰਨ ਅਤੇ ਤਰੀਕਾ ਬਿਲਕੁਲ ਵੀ ਸਹੀ ਨਹੀਂ ਹੈ । ਮਿਤੀ 2 ਦਸੰਬਰ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਪੰਥਕ ਭਾਵਨਾਵਾਂ ਅਤੇ ਪਰੰਪਰਾਵਾਂ ਦੀ ਰੌਸ਼ਨੀ ਵਿਚ ਹੋਏ ਫੈਸਲਿਆਂ ਤੋਂ ਬਾਅਦ ਹੀ ਇਸ ਤਰ੍ਹਾਂ ਜਾਪ ਰਿਹਾ ਸੀ ਕਿ ਸਿੰਘ ਸਾਹਿਬਾਨ ਖ਼ਿਲਾਫ਼ ਗਿਣੇ ਮਿਥੇ ਤਰੀਕੇ ਦੇ ਨਾਲ ਮਾਹੌਲ ਬਣਾਇਆ ਜਾ ਰਿਹਾ ਹੈ । ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਖਿਲਾਫ 18 ਸਾਲ ਪੁਰਾਣੇ ਪਰਿਵਾਰਕ ਮਸਲੇ ਨੂੰ ਗਲਤ ਰੰਗਤ ਦੇ ਕੇ ਮੀਡੀਆ ਟਰਾਇਲ ਚਲਾਇਆ ਗਿਆ। ਇਸ ਸਬੰਧ ਵਿਚ ਬਤੌਰ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਨੂੰ ਮੈਂਬਰ ਸ਼ੋ੍ਮਣੀ ਕਮੇਟੀ ਵਲੋਂ ਜਾਂਚ ਕਮੇਟੀ ਬਿਠਾਉਣ ਵੇਲੇ ਵੀ ਆਖਿਆ ਸੀ ਕਿ ਇਹ ਠੀਕ ਨਹੀ ਹੈ । ਜੇਕਰ ਕਿਸੇ ਵੀ ਤਖਤ ਸਾਹਿਬ ਦੇ ਕਿਸੇ ਜਥੇਦਾਰ ਸਾਹਿਬ ਵਿਰੁੱਧ ਕਿਸੇ ਤਰ੍ਹਾਂ ਦੇ ਦੋਸ਼ਾਂ ਦੀ ਪੜਤਾਲ ਕਰਨ ਦੀ ਲੋੜ ਹੋਵੇ ਤਾਂ ਇਹ ਕੇਵਲ ਸ੍ਰੀ ਅਕਾਲ ਤਖਤ ਸਾਹਿਬ ਹੀ ਕਰਵਾ ਸਕਦਾ ਹੈ । ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੂੰ ਫਿਰ ਵੀ ਅਹੁਦੇ ਤੋ ਸੇਵਾਮੁਕਤ ਕਰਨਾ ਮੰਦਭਾਗਾ ਹੈ । ਇਸ ਤਰ੍ਹਾਂ ਜਥੇਦਾਰ ਸਾਹਿਬਾਨ ਨੂੰ ਜਲੀਲ ਕਰਕੇ ਸੇਵਾਮੁਕਤ ਕਰਨਾ ਬੇਹੱਦ ਮੰਦਭਾਗਾ ਵਰਤਾਰਾ ਹੈ । ਇਕ ਵਾਰ ਫਿਰ ਆਪਣੀ ਆਤਮਾ ਤੋਂ ਇਹ ਕਹਿਣਾ ਚਾਹੁੰਦਾ ਹਾਂ ਕਿ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੂੰ ਸੇਵਾਮੁਕਤ ਕਰਨਾ ਬੇਹੱਦ ਨਿੰਦਣਯੋਗ ਅਤੇ ਮੰਦਭਾਗਾ ਵਰਤਾਰਾ ਹੈ ਜੋ ਕਿ ਤਖਤ ਸਾਹਿਬਾਨ ਦੀ ਅਜਾਦ ਹੋਂਦ ਹਸਤੀ ਨੂੰ ਵੀ ਨੁਕਸਾਨ ਪਹੁੰਚਾਉਣ ਵਾਲਾ ਹੈ ਪ੍ਰੈਸ ਨੋਟ ਜਾਰੀ ਕਰਨ ਵੇਲੇ ਸੁਖਬੀਰ ਸਿੰਘ ਬਲਬੇੜਾ ਨਾਲ ਬਾਬਾ ਲਖਵਿੰਦਰ ਸਿੰਘ ਬਲਬੇੜਾ, ਬਾਬਾ ਮਨੀ ਸਿੰਘ, ਬਾਬਾ ਪਾਲ਼ਾ ਸਿੰਘ, ਬਲਵਿੰਦਰ ਸਿੰਘ, ਬਾਬਾ ਭੁਪਿੰਦਰ ਸਿੰਘ ਨਾਲ ਮੌਜੂਦ ਸਨ ।

**-ਪਰਗਟ ਸਿੰਘ ਬਲਬੇੜਾ, 9022000070**

ਆਵਾਜ਼ਿ ਕੌਮ AWAZE QAUM International Newspaper & WEB TV

## ਆਓ....! ਸਚਖੰਡ ਸ਼੍ਰੀ ਹਰਿਮੰਦਰ ਸਾਹਿਬ ਨੂੰ ਗੋਲਡਨ ਟੈਂਪਲ ਕਹਿਣਾ ਬੰਦ ਕਰੀਏ, ਸਫ਼ਲ ਹੋ ਜਾਵੇਗਾ ਮਾਤ ਭਾਸ਼ਾ ਦਿਵਸ ਮਨਾਉਣਾ- ਸ਼ੁਕਰਗੁਜ਼ਾਰ, ਢਿੱਲੋਂ




**ਜੰਡਿਆਲਾ ਗੁਰੂ, 15 ਜਨਵਰੀ ( ਕੁਲਵੰਤ ਸਿੰਘ ਵਿਰਦੀ)**-ਪੰਜਾਬੀ ਸਾਹਿਤ ਸਭਾ ਤੇ ਸਭਿਆਚਾਰ ਕੇਂਦਰ ਤਰਨ-ਤਾਰਨ ਅਤੇ ਪੰਜਾਬੀ ਸਾਹਿਤ ਸਭਾ (ਰਜਿ) ਜੰਡਿਆਲਾ ਗੁਰੂ ਵੱਲੋਂ ਅੰਤਰਾਸ਼ਟਰੀ ਮਾਤ ਭਾਸ਼ਾ ਦਿਵਸ, ਜੋ 21 ਫਰਵਰੀ ਨੂੰ ਮਨਾਇਆ ਜਾਂਦਾ ਹੈ, ਨੂੰ ਸਮਰਪਿਤ ਪੰਜਾਬੀ ਮਾਂ ਬੋਲੀ ਦੇ ਸੰਦਰਭ ਤੋਂ ਇੱਕ ਸਾਂਝਾ ਸਾਹਿਤਕ ਸਮਾਗਮ ਭਾਈ ਮੋਹਨ ਸਿੰਘ ਵੈਦ ਯਾਦਗਾਰੀ ਲਾਇਬ੍ਰੇਰੀ ਤਰਨ ਤਾਰਨ ਵਿਖੇ ਕਰਵਾਇਆ ਗਿਆ। ਸਮਾਗਮ ਦੌਰਾਨ ਭਾਰਤੀ ਦੌਰੇ 'ਤੇ ਕੈਨੇਡਾ ਵਸਨੀਕ ਸ਼ਾਇਰਾ ਰਮਿੰਦਰ ਕੌਰ ਵਾਲੀਆ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ ਤੇ ਉਹਨਾਂ ਮੌਜੂਦ ਸਾਹਿਤਕਾਰਾਂ ਦੇ ਵੱਲੋਂ ਪੰਜਾਬੀ ਮਾਂ ਬੋਲੀ ਦੇ ਸੰਦਰਭ ਤੋਂ ਪੁੱਛੇ ਸਵਾਲਾਂ ਦਾ ਜਵਾਬ ਦੇਂਦਿਆਂ ਵਿਦੇਸ਼ਾਂ ਵਿੱਚ ਪੰਜਾਬੀ ਮਾਂ ਬੋਲੀ ਦੇ ਵਰਤਮਾਨ ਤੇ ਭਵਿੱਖ ਸੰਬੰਧੀ ਆਪਣੇ ਵਿਚਾਰ ਪੇਸ਼ ਕੀਤੇ ਅਤੇ ਆਪਣੇ ਪੰਜਾਬੀ ਸਾਹਿਤ ਦੇ ਖੇਤਰ ਵਿਚਲੇ ਸਫ਼ਰ ਦੀਆਂ ਖੱਟੀਆਂ-ਮਿੱਠੀਆਂ ਯਾਦਾਂ ਨੂੰ ਛੋਹਿਆ 9

### ਸ਼ਾਇਰਾ ਰਮਿੰਦਰ ਵਾਲੀਆ ਹੋਏ ਰੂਬਰੂ ਤੇ ਸਨਮਾਨਿਤ

ਸਮਾਗਮ ਦੌਰਾਨ ਕਵੀ ਦਰਬਾਰ ਵੀ ਕਰਵਾਇਆ ਗਿਆ ਜਿਸ ਦੌਰਾਨ ਜਸਵਿੰਦਰ ਸਿੰਘ ਢਿੱਲੋਂ (ਪ੍ਰਧਾਨ ਪੰਜਾਬੀ ਸਾਹਿਤ ਸਭਾ ਤੇ ਸਭਿਆਚਾਰ ਕੇਂਦਰ ਤਰਨ ਤਾਰਨ), ਬਲਬੀਰ ਸਿੰਘ ਭੈਲ, ਕੀਰਤ ਪ੍ਰਤਾਪ ਪੰਨੂੰ, ਡਾਕਟਰ ਜੋਬਨਜੀਤ ਸਿੰਘ ,ਮਨਦੀਪ ਰਾਜਨ, ਮਨਜੀਤ ਕੌਰ ਪਹੁਵਿੰਡ, ਮਲਕੀਅਤ ਸਿੰਘ 'ਸੋਚ' ਪੱਟੀ, ਰਾਜਬੀਰ ਸਿੰਘ ਕੈਨੇਡਾ, ਗੁਰਜੀਤ ਸਿੰਘ ਭਲੂਰ, ਗੁਲਜ਼ਾਰ ਸਿੰਘ ਖੇੜਾ, ਬਲਬੀਰ ਸਿੰਘ ਬੇਲੀ , ਬਲਬੀਰ ਸਿੰਘ ਲਹਿਰੀ,ਹਰਿਕੀਰਤ ਸਿੰਘ, ਅਵਤਾਰ ਸਿੰਘ ਗੋਇੰਦਵਾਲ, ਦੀਦਾਰ ਸਿੰਘ ਲਾਇਬਰੇਰੀਅਨ, ਅਜੀਤ ਸਿੰਘ ਨਬੀਪੁਰ,ਅਮਰ ਜੋਤੀ ਮਾਂਗਟ, ਜਸਵਿੰਦਰ ਸਿੰਘ ਮਾਣੋਚਾਹਲ, ਗੁਰਵਿੰਦਰ ਸਿੰਘ, ਹਰਦਰਸ਼ਨ ਸਿੰਘ ਕਮਲ, ਕਾਮਰੇਡ ਚਰਨ ਸਿੰਘ, ਗੁਰਚਰਨ ਸਿੰਘ ਸਭਰਾ, ਮਾਸਟਰ ਸਕੱਤਰ ਸਿੰਘ ਤੇਜਾ ਸਿੰਘ ਵਾਲਾ,ਬਲਵਿੰਦਰ ਕੌਰ ਸਰਘੀ ਸੁਖਵਿੰਦਰ ਸਿੰਘ ਖਾਰਾ ,ਹਰਭਜਨ ਸਿੰਘ ਭਗਰੱਥ,ਮਲਕੀਤ ਸਿੰਘ ਫ਼ੌਜੀ,ਆਦਿ ਨੇ ਆਪਣੀਆਂ ਕਵਿਤਾਵਾਂ ਰਾਹੀਂ ਮਾਂ-ਬੋਲੀ ਪੰਜਾਬੀ ਨੂੰ ਆਪਣੀ ਇਬਾਦਤ ਭੇਂਟ ਕੀਤੀ। ਸਟੇਜ ਸਕੱਤਰ ਦੀ ਸੇਵਾ ਜਸਵਿੰਦਰ ਸਿੰਘ ਢਿੱਲੋਂ, ਕੀਰਤ ਸਿੰਘ ਤੇ ਸ਼ੁਕਰਗੁਜ਼ਾਰ ਸਿੰਘ ਐਡਵੋਕੇਟ ਪ੍ਰਧਾਨ ਪੰਜਾਬੀ ਸਾਹਿਤ ਸਭਾ (ਰਜਿ) ਜੰਡਿਆਲਾ ਗੁਰੂ ਨੇ ਸਾਂਝੇ ਰੂਪ ਵਿੱਚ ਕੀਤੀ। ਅਖੀਰ ਵਿੱਚ ਸ਼ੁਕਰਗੁਜ਼ਾਰ ਸਿੰਘ ਐਡਵੋਕੇਟ ਅਤੇ ਜਸਵਿੰਦਰ ਸਿੰਘ ਢਿੱਲੋਂ ਨੇ ਇੱਕ ਸੁਨੇਹਾ ਦੇਂਦਿਆਂ ਕਿਹਾ ਕਿ ਜੇਕਰ ਅਸੀਂ, ਸਾਡੇ ਬਜ਼ੁਰਗ, ਸਾਡੇ ਬੱਚੇ ਸਚਖੰਡ ਸ਼੍ਰੀ ਹਰਿਮੰਦਰ ਸਾਹਿਬ ਨੂੰ ਗੋਲਡਨ ਟੈਂਪਲ ਕਹਿਣਾ ਬੰਦ ਕਰ ਦੇਣ, ਤਾਂ ਮਾਤ ਭਾਸ਼ਾ ਦਿਵਸ ਮਨਾਉਣਾ ਸਫ਼ਲ ਹੋ ਜਾਵੇਗਾ।

### ਪਿੰਡ ਨੰਗਲ ਫਿਲੌਰ ਦੀ ਪੰਚਾਇਤ ਤੇ ਗੁਰੂ ਰਵਿਦਾਸ ਸਮਾਗਮ ਪ੍ਰਬੰਧਕ ਕਮੇਟੀ ਵੱਲੋਂ ਸੰਤ ਸੁਖਵਿੰਦਰ ਸਿੰਘ ਤੇ ਸੰਤ ਜਰਨੈਲ ਸਿੰਘ ਜੀ ਨੂੰ

# ਵਿਸ਼ੇਸ਼ ਸਨਮਾਨ ਦੇਣਾ ਸਾਂਝੀ ਸਾਂਝੀਵਾਲਤਾ ਦਾ ਪ੍ਰਤੀਕ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 15 ਫਰਵਰੀ ( ਕੁਲਵੰਤ ਸਿੰਘ ਵਿਰਦੀ)**-ਗੁਰੂ ਰਵਿਦਾਸ ਮਹਾਰਾਜ ਜੀ ਦੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਪਵਿੱਤਰ ਰੱਬੀ ਬਾਣੀ ਆਪਸੀ ਪਿਆਰ ਭਾਵਨਾ ਤੇ ਸਾਂਝੀਵਾਲਤਾ ਦਾ ਉਪਦੇਸ਼ ਦੇਣ ਦੇ ਨਾਲ ਕਰਮਕਾਂਡਾਂ ਤੇ ਮੂਰਤੀ ਪੂਜਾ ਤੋਂ ਰੋਕਦੀ ਹੋਈ ਅਕਾਲ ਪੁਰਖ ਨਾਲ ਜੋੜਦੀ ਹੈ ਅਤੇ ਮੁਕਤੀ ਦਾ ਰਸਤਾ ਦਿਖਾਉਂਦੀ ਹੈ ਇਸ ਕਰਕੇ ਗੁਰੂ ਰਵਿਦਾਸ ਮਹਾਰਾਜ ਜੀ ਦਾ ਜਨਮ ਦਿਹਾੜਾ ਲੋਕਾਈ ਦੇ ਸਭ ਲੋਕਾ ਨੂੰ ਜ਼ਾਤ ਬਰਾਦਰੀਆਂ ਤੋਂ ਉੱਪਰ ਉੱਠ ਕੇ ਮਨਾਉਣ ਦੀ ਲੋੜ ਤੇ ਜ਼ੋਰ ਦੇਣਾ ਚਾਹੀਦਾ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾਂ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਬਾਬਾ ਜਰਨੈਲ ਸਿੰਘ ਆਲੋਵਾਲ ਨੰਗਲ ਬੇਟ ਫਿਲੌਰ ਦੇ ਮੁੱਖੀ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਨੇ ਨੰਗਲ ਫਿਲੌਰ ਦੀਆਂ ਸੰਗਤਾਂ ਵੱਲੋਂ ਗੁਰੂ ਰਵਿਦਾਸ ਮਹਾਰਾਜ ਜੀ ਦੇ ਜਨਮ ਦਿਹਾੜੇ ਮੌਕੇ ਸੱਜੇ ਪੰਡਾਲ ਵਿੱਚ ਬੋਲਦਿਆਂ ਪ੍ਰਗਟ ਕੀਤੇ, ਇਸ ਮੌਕੇ ਤੇ ਗੁਰਦੁਆਰਾ ਸਾਹਿਬ ਦੇ ਸਰਪ੍ਰਸਤ ਵੱਡੇ ਮਹਾਂਪੁਰਖ ਸੰਤ ਬਾਬਾ ਜਰਨੈਲ ਸਿੰਘ ਜੀ ਅਤੇ ਮੁਖੀ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਨੇ ਗੁਰੂ ਘਰ ਵੱਲੋਂ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਦਾ ਸੀਰੀ ਪਾਓ ਦੇ ਕੇ ਸਨਮਾਨਿਤ ਕੀਤਾ ਅਤੇ ਪ੍ਰਬੰਧਕ ਕਮੇਟੀ ਵੱਲੋਂ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਤੇ ਸੰਤ ਬਾਬਾ ਜਰਨੈਲ ਸਿੰਘ ਜੀ ਦਾ ਵਿਸ਼ੇਸ਼ ਤੌਰ ਸਨਮਾਨ ਕੀਤਾ ਗਿਆ ਹੈ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸੰਤ ਸੁਖਵਿੰਦਰ ਸਿੰਘ ਜੀ ਆਲੋਵਾਲ ਨਾਲ ਟੈਲੀਫੋਨ ਤੇ ਗੱਲਬਾਤ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ ਉਹਨਾਂ ਭਾਈ ਖਾਲਸਾ ਨੇ ਦੱਸਿਆ ਗੁਰੂ ਰਵਿਦਾਸ ਮਹਾਰਾਜ ਜੀ ਦੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ'ਚ ਦਰਜ ਪਵਿੱਤਰ ਰੱਬੀ ਬਾਣੀ ਅਨੁਸਾਰ ਸਮੂਹ ਸੰਗਤਾਂ ਨੂੰ ਉਹਨਾਂ ਦਾ ਜਨਮ ਦਿਹਾੜਾ ਸਾਂਝੀਵਾਲਤਾ ਨਾਲ ਮਨਾਉਣਾ ਚਾਹੀਦਾ ਹੈ ਤਾਂ ਹੀ ਅਸੀਂ ਗੁਰੂਆਂ ਪੀਰਾਂ ਪੈਗੰਬਰਾਂ ਰਿਸ਼ੀਆਂ ਮੁਨੀਆਂ ਅਤੇ ਸ਼ਹੀਦਾ ਦੇ ਖ਼ੂਨ ਨਾਲ ਸਿੰਝੀ ਗਈ ਪੰਜਾਬ ਦੀ ਧਰਤੀ ਤੇ ਜ਼ਾਤ ਪਾਤ ਰਹਿਤ ਇੱਕ ਨਿੱਘਰ ਸਮਾਜ਼ ਦੀ ਰਚਨਾ ਕੀਤੀ ਜਾ ਸਕਦੀ ਹੈ, ਭਾਈ ਖਾਲਸਾ ਨੇ ਦੱਸਿਆ ਸਾਂਝੇ ਵਾਲਤਾ ਦੀ ਕੜੀ ਨੂੰ ਅੱਗੇ ਤੋਰਦਿਆਂ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਬਾਬਾ ਜਰਨੈਲ ਸਿੰਘ ਜੀ ਆਲੋਵਾਲ ਵਿਖੇ ਗੁਰੂ ਰਵਿਦਾਸ ਮਹਾਰਾਜ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਇੱਕ ਦਰਜਨ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪਾਠਾਂ ਦੇ ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਜਾ ਰਹੇ ਹਨ ਜਿਸ ਵਿਚ ਉੱਚ ਕੋਟੀ ਦੇ ਧਾਰਮਿਕ ਬੁਲਾਰੇ ਆਈਂ ਸੰਗਤ ਨੂੰ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ ਇਤਿਹਾਸ ਤੇ ਗੁਰੂ ਗ੍ਰੰਥ ਸਾਹਿਬ ਜੀ'ਚ ਦਰਜ਼ ਉਹਨਾਂ ਦੀ ਪਵਿੱਤਰ ਗੁਰਬਾਣੀ ਸਬੰਧੀ ਵਿਸਥਾਰ ਨਾਲ ਚਾਨਣਾ ਪਾਉਣਗੇ, ਇਸ ਮੌਕੇ ਤੇ ਆਪ ਪਾਰਟੀ ਦੇ ਹਲਕਾ ਇੰਚਾਰਜ ਪਿਰਸੀਪਲ ਪ੍ਰੇਮ ਕੁਮਾਰ ਤੇ ਸਮੁੱਚੀ ਪੰਚਾਇਤ ਵੱਲੋਂ ਸੰਤ ਬਾਬਾ ਜਰਨੈਲ ਸਿੰਘ ਜੀ ਅਤੇ ਸੰਤ ਸੁਖਵਿੰਦਰ ਸਿੰਘ ਜੀ ਦਾ ਸਨਮਾਨ ਕੀਤਾ ਗਿਆ ਅਤੇ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਗੁਰੂ ਰਵਿਦਾਸ ਸਮਾਗਮ ਪ੍ਰਬੰਧਕ ਕਮੇਟੀ ਤੇ ਪੰਚਾਇਤ ਦਾ ਸਨਮਾਨ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਇਸ ਮੌਕੇ ਤੇ ਬਾਬਾ ਦਾਰਾ ਸਿੰਘ, ਭਾਈ ਗੁਰਮੇਲ ਸਿੰਘ, ਭਾਈ ਹਰਜੀਤ ਸਿੰਘ ਤੇ ਭਾਈ ਰਿੱਕੂ ਆਦਿ ਜਥੇ ਦੇ ਆਗੂ ਸ਼ਾਮਲ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

### ਸੱਜਣ ਕੁਮਾਰ ਨੂੰ ਤਾ-ਉਮਰ ਕੈਦ ਮਿਲਣੀ ਚਾਹੀਦੀ ਹੈ ਜਿਸ ਕਰਕੇ ਓਹ ਆਪਣੇ

# ਕੀਤੇ ਗੁਨਾਹਾਂ ਨੂੰ ਮੌਤ ਤਕ ਯਾਦ ਕਰਦਾ ਰਹੇ : ਨਿਰਪ੍ਰੀਤ ਕੌਰ

**ਨਵੀਂ ਦਿੱਲੀ 15 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਅਖੰਡ ਕੀਰਤਨੀ ਜੱਥੇ ਨਾਲ ਸੰਬੰਧਿਤ ਨਿਰਪ੍ਰੀਤ ਕੌਰ 16 ਸਾਲ ਦੀ ਸੀ ਜਦੋਂ ਉਸਦੇ ਪਿਤਾ ਨੂੰ 1984 ਦੇ ਸਿੱਖ ਕਤਲੇਆਮ ਦੌਰਾਨ ਓਸ ਦੀਆਂ ਅੱਖਾਂ ਦੇ ਸਾਹਮਣੇ ਜਲਾ ਦਿੱਤਾ ਗਿਆ ਸੀ । ਸਿੱਖ ਕਤਲੇਆਮ ਪੀੜਤ ਹੋਣ ਦੇ ਨਾਹਤੇ, ਨਿਰਪ੍ਰੀਤ ਕੌਰ ਜੋ ਕਿ ਪਿਛਲੇ 40 ਸਾਲਾਂ ਤੋਂ ਇਨਸਾਫ਼ ਲਈ ਸੰਘਰਸ਼ ਕਰ ਰਹੀ ਹੈ ਅਤੇ ਆਪਣੇ ਕੇਸ ਦੇ ਨਾਲ ਹੋਰ ਕੇਸਾਂ ਦੀ ਪੈਰਵਾਈ ਵੀ ਕਰ ਰਹੀ ਹੈ, ਨੇ ਸੱਜਣ ਕੁਮਾਰ ਨੂੰ ਇਕ ਹੋਰ ਮਾਮਲੇ ਵਿਚ ਦੋਸ਼ੀ ਐਲਾਨੇ ਜਾਣ ਤੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ।

ਜਿਕਰਯੋਗ ਹੈ ਕਿ ਸਾਬਕਾ ਕਾਂਗਰਸੀ ਸੰਸਦ ਮੈਂਬਰ ਸੱਜਣ ਕੁਮਾਰ 1 ਨਵੰਬਰ, 1984 ਨੂੰ ਸਰਸਵਤੀ ਵਿਹਾਰ ਵਿੱਚ ਇੱਕ ਸਿੱਖ ਪਿਤਾ-ਪੁੱਤਰ ਦੀ ਹੱਤਿਆ ਨਾਲ ਜੁੜੇ ਮਾਮਲੇ ਵਿਚ ਦੋਸ਼ੀ ਐਲਾਨੇ ਗਏ ਸਨ ।ਅਕਾਲ ਤਖਤ ਸਾਹਿਬ ਅਤੇ ਹੋਰ ਗੁਰਧਾਮਾਂ ਤੇ ਫੌਜ ਚੜ੍ਹਾ ਕੇ ਸਿੱਖ ਹਿਰਦਿਆਂ ਨੂੰ ਢਾਹ ਲਗਾਣ ਵਾਲੀ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੇ ਪ੍ਰਤੀਕਰਮ ਵਿਚ ਕੀਤੇ ਗਏ ਕਤਲ ਤੋਂ ਬਾਅਦ ਦੇ ਦਿਨਾਂ ਵਿੱਚ, ਭੀੜ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਕਥਿਤ ਤੌਰ 'ਤੇ ਕਾਂਗਰਸੀ ਨੇਤਾਵਾਂ ਦੀ ਅਗਵਾਈ ਵਿੱਚ ਸਨ, ਨੇ ਹਿੰਸਾ ਭੜਕਾਈ ਜਿਸ ਵਿੱਚ ਪੂਰੇ ਭਾਰਤ ਵਿੱਚ ਘੱਟੋ-ਘੱਟ 3,000 ਸਿੱਖਾਂ ਦਾ ਕਤਲ ਦੇ ਨਾਲ ਵਡੀ ਲੁੱਟਮਾਰ ਬਲਾਤਕਾਰ ਕੀਤੇ ਗਏ । ਨਿਰਪ੍ਰੀਤ ਕੌਰ, ਜਿਸਦੇ ਪਿਤਾ, ਮਰਹੂਮ ਸ਼ਹੀਦ ਭਾਈ ਨਿਰਮਲ ਸਿੰਘ ਅਖੰਡ ਕੀਰਤਨੀ ਜੱਥੇ ਦੇ ਮੈਂਬਰ ਸਨ, ਨੂੰ 1 ਨਵੰਬਰ, 1984 ਨੂੰ ਪਾਲਮ ਕਲੋਨੀ ਨੇੜੇ ਰਾਜ ਨਗਰ ਵਿੱਚ ਇੱਕ ਭੀੜ ਨੇ ਜ਼ਿੰਦਾ ਸਾੜ ਦਿੱਤਾ ਸੀ, ਜਿਸ ਦੀ ਅਗਵਾਈ ਕਾਂਗਰਸ ਦੇ ਸੱਜਣ ਕੁਮਾਰ, ਮਹਿੰਦਰ ਯਾਦਵ, ਬਲਵਾਨ ਖੋਖਰ ਕਰ ਰਹੇ ਸਨ । ਨਿਰਪ੍ਰੀਤ ਕੌਰ ਨੇ ਕਿਹਾ ਕਿ ਸਾਡੇ ਵਿੱਚੋਂ ਬਹੁਤ ਸਾਰੇ ਅਜੇ ਵੀ ਸੰਘਰਸ਼ ਕਰ ਰਹੇ ਹਨ ਤੇ ਬਹੁਤ ਸਾਰੇ ਇੰਨਸਾਫ ਦੀ ਉਡੀਕ ਕਰਦਿਆਂ ਸੰਸਾਰ ਵਿਛੋੜਾ ਕਰ ਚੁੱਕੇ ਹਨ । ਜੋ ਹਾਲੇ ਵੀ ਇੰਨਸਾਫ ਦੀ ਉਡੀਕ ਕਰ ਰਹੇ ਹਨ ਉਨ੍ਹਾਂ ਵਿੱਚੋ ਕਈ ਪੀੜਤਾਂ ਨੂੰ ਢੁਕਵੀਂ ਰਿਹਾਇਸ਼, ਪੈਨਸ਼ਨ ਅਤੇ ਪੁਨਰਵਾਸ ਦੀ ਸਖ਼ਤ ਲੋੜ ਹੈ ਤੇ ਉਨ੍ਹਾਂ ਅਣਗਿਣਤ ਔਰਤਾਂ ਨੂੰ ਨਾ ਭੁੱਲੀਏ ਜਿਨ੍ਹਾਂ ਨਾਲ ਸਿੱਖ ਕਤਲੇਆਮ ਦੌਰਾਨ ਗਰੀਬ ਤਬਕੇ ਦੇ ਹੋਣ ਕਰਕੇ ਬਲਾਤਕਾਰ ਕੀਤਾ ਗਿਆ ਸੀ ਪਰ ਆਪਣੇ ਹਮਲਾਵਰਾਂ ਦੇ ਰਾਜਨੀਤਿਕ ਪ੍ਰਭਾਵ ਕਾਰਨ ਕਦੇ ਨਹੀਂ ਬੋਲੀਆਂ ਸਨ। ਧਿਆਣਦੇਣ ਯੋਗ ਹੈ ਕਿ ਨਿਰਪ੍ਰੀਤ ਕੌਰ ਨੇ ਸੱਜਣ ਕੁਮਾਰ 'ਤੇ ਕਤਲੇਆਮ ਵਿੱਚ ਸ਼ਾਮਲ ਹੋਣ ਦਾ ਦੋਸ਼ ਲਗਾਣ ਕਰਕੇ ਖ਼ੁਦ ਨੌਂ ਸਾਲ ਟਾਡਾ ਕੇਸ ਅੰਦਰ ਜੇਲ੍ਹ ਵਿੱਚ ਬਿਤਾਏ ਅਤੇ ਆਪਣੀ ਪੜ੍ਹਾਈ ਸਲਾਖਾਂ ਪਿੱਛੇ ਪੂਰੀ ਕੀਤੀ ਕਿਉਂਕਿ ਓਸ ਕੋਲ ਹੋਰ ਕੋਈ ਚਾਰਾ ਨਹੀਂ ਸੀ ।ਓਸ ਉਪਰ ਕੇਸ ਵਾਪਿਸ ਲੈਣ ਅਤੇ ਧਮਕਾਉਣ ਲਈ ਕਈ ਜਾਨਲੇਵਾ ਹਮਲੇ ਕੀਤੇ ਗਏ, ਮਾਤਾ ਨੂੰ ਜੇਲ੍ਹ ਡਕਿਆ ਗਿਆ, ਪਰ ਓਹ ਅਕਾਲ ਪੁਰਖ ਦੀ ਮਿਹਰ ਸਦਕਾ ਉਨ੍ਹਾਂ ਤੋਂ ਬਚਦੀ ਰਹੀ, ਅਤੇ ਕੇਸਾਂ ਦੀ ਪੈਰਵਾਈ ਤੋਂ ਥਿੜਕੀ ਨਹੀਂ ਸੀ ।ਉਨ੍ਹਾਂ ਦੇ ਮਾਤਾ ਬੀਬੀ ਸੰਪੂਰਨ ਕੌਰ ਜਿਨ੍ਹਾਂ ਤਿੰਨ ਸਾਲ ਟਾਡਾ ਕੇਸ ਅੰਦਰ ਜੇਲ੍ਹ ਕੱਟੀ ਹੈ, ਜੋ ਕਿ ਹੁਣ 85 ਸਾਲਾਂ ਦੇ ਹੋ ਚੁੱਕੇ ਹਨ, ਨੂੰ ਕਾਂਗਰਸ ਦੀ ਅਗਵਾਈ ਵਾਲੀ ਭੀੜ ਨੇ ਬੇਰਹਿਮੀ ਨਾਲ ਕੁੱਟਿਆ ਸੀ ਜਿਸ ਕਰਕੇ ਉਹ ਤੁਰ ਨਹੀਂ ਸਕਦੀ ਹੈ। ਨਿਰਪ੍ਰੀਤ ਕੌਰ ਨੇ ਪੰਥਕ ਅਖ਼ਬਾਰਾਂ ਦਾ ਖਾਸ ਤੌਰ ਤੇ ਧੰਨਵਾਦ ਕਰਦਿਆਂ ਕਿਹਾ ਕਿ ਵੱਖ ਵੱਖ ਅਖਬਾਰਾਂ ਵਲੋਂ ਸਾਡੇ ਹਕ. ਵਿਚ ਪ੍ਰਮੁੱਖਤਾ ਨਾਲ ਲਗੀਆਂ ਖਬਰਾਂ ਨੇ ਸਰਕਾਰਾਂ ਤੇ ਦਬਾਅ ਬਣਾਇਆ ਸੀ ਜਿਸ ਦੇ ਅਸੀਂ ਬਹੁਤ ਧੰਨਵਾਦੀ ਹਾਂ ।ਉਨ੍ਹਾਂ ਨੇ ਦਿੱਲੀ ਕਮੇਟੀ ਦੇ ਸਾਬਕਾ ਮੈਂਬਰ ਗੁਰਲਾਡ ਸਿੰਘ ਕਾਹਲੋਂ, ਜਿਨ੍ਹਾਂ ਨਿੱਜੀ ਤੌਰ ਤੇ ਮਿਹਨਤ ਕੀਤੀ ਅਤੇ ਹੁਣ ਵੀ ਕਰ ਰਹੇ ਹਨ, ਦਿੱਲੀ ਕਮੇਟੀ ਦੇ ਸਾਬਕਾ ਲੀਗਲ ਏਡਵਾਈਜਰ ਜਸਵਿੰਦਰ ਸਿੰਘ ਜੌਲੀ, ਸਾਬਕਾ ਪ੍ਰਧਾਨ ਮਨਜੀਤ ਸਿੰਘ ਜੀਕੇ, ਸਾਬਕਾ ਸਕੱਤਰ ਮਨਜਿੰਦਰ ਸਿੰਘ ਸਿਰਸਾ, ਪਰਮਿੰਦਰਪਾਲ ਸਿੰਘ, ਵਕੀਲ ਹਰਪ੍ਰੀਤ ਸਿੰਘ ਹੋਰਾ, ਐਚ ਐਸ ਫੂਲਕਾ, ਕਾਮਨਾ ਵੋਹਰਾ ਦਾ ਧੰਨਵਾਦ ਕਰਦਿਆਂ ਕਿਹਾ ਇੰਨ੍ਹਾ ਸਭ ਨੇ ਮਿਲ ਕੇ ਟੀਮ ਵਰਕ ਕਰਕੇ ਇੰਨ੍ਹਾ ਕੇਸਾਂ ਉਪਰ ਬਹੁਤ ਮਿਹਨਤ ਕੀਤੀ ਸੀ ਜਿਸ ਕਰਕੇ ਸੱਜਣ ਨੂੰ ਦੂਜੇ ਮਾਮਲੇ ਵਿਚ ਵੀ ਦੋਸ਼ੀ ਐਲਾਣਿਆ ਗਿਆ ਹੈ ਤੇ ਉਨ੍ਹਾਂ ਅਦਾਲਤ ਨੂੰ ਅਪੀਲ ਕਰਦਿਆਂ ਕਿਹਾ ਕਿ ਸੱਜਣ ਨੂੰ ਤਾ-ਉਮਰ ਜੇਲ੍ਹ ਦੀ ਕੈਦ ਦੀ ਸਜ਼ਾ ਦਿੱਤੀ ਜਾਣੀ ਚਾਹੀਦੀ ਹੈ ਜਿਸ ਨਾਲ ਓਹ ਆਪਣੇ ਕੀਤੇ ਗੁਨਾਹਾਂ ਨੂੰ ਮੌਤ ਤਕ ਯਾਦ ਕਰਦਾ ਰਹੇ। ਇਸ ਦੇ ਨਾਲ ਹੀ ਉਨ੍ਹਾਂ ਕੇਂਦਰ ਸਰਕਾਰ ਨੂੰ ਟਾਈਟਲਰ ਅਤੇ ਕਮਲਨਾਥ ਦੇ ਕੇਸਾਂ ਨੂੰ ਤੇਜੀ ਨਾਲ ਚਲਾ ਕੇ ਸਜ਼ਾ ਦਿਵਾਉਣ ਲਈ ਕਿਹਾ ਹੈ ।



ਨਿਰਪ੍ਰੀਤ ਕੌਰ ਦੀ ਅੱਖਾਂ ਸਾਹਮਣੇ ਉਨ੍ਹਾਂ ਦੇ ਪਿਤਾ ਨੂੰ ਜਲਾਇਆ ਗਿਆ ਸੀ, ਖੁਦ 9 ਸਾਲ ਅਤੇ ਮਾਤਾ ਨੇ 3 ਸਾਲ ਜੇਲ੍ਹ ਅੰਦਰ ਬਿਤਾਏ ਹਨ

ਆਵਾਜ਼ਿ ਕੌਮ AWAZE QAUM International Newspaper & WEB TV

# ਦਿੱਲੀ ਗੁਰਦੁਆਰਾ ਕਮੇਟੀ ਤੇ ਸ਼੍ਰੋਮਣੀ ਅਕਾਲੀ ਦਲ (ਦਿੱਲੀ ਸਟੇਟ) ਨੇ ਭਾਰਤ ਭਰ ਤੋਂ ਸਿੱਖਾਂ ਦੀ 19 ਫਰਵਰੀ ਨੂੰ ਪੰਥਕ ਕਨਵੈਨਸ਼ਨ ਸੱਦੀ



**ਨਵੀਂ ਦਿੱਲੀ, 15 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦੇ ਅਹੁਦੇਦਾਰਾਂ ਤੇ ਮੈਂਬਰਾਂ ਦੀ ਅੱਜ ਹੋਈ ਮੀਟਿੰਗ ਵਿਚ 19 ਫਰਵਰੀ ਨੂੰ ਦਿੱਲੀ ਵਿਚ ਇਕ ਪੰਥਕ ਕਨਵੈਨਸ਼ਨ ਸੱਦ ਕੇ ਕੌਮ ਨੂੰ ਦਰਪੇਸ਼ ਮਸਲਿਆਂ ਦੇ ਹੱਲ ਲਈ ਇਕਜੁੱਟ ਹੋ ਕੇ ਫੈਸਲੇ ਲੈਣ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਇਸ ਬਾਰੇ ਜ਼ਿਆਦਾ ਜਾਣਕਾਰੀ ਦਿੰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਅੱਜ ਦੀ ਮੀਟਿੰਗ ਵਿਚ ਕੌਮ ਨੂੰ ਦਰਪੇਸ਼ ਭੱਖਦੇ ਮਸਲਿਆਂ 'ਤੇ ਚਰਚਾ ਕੀਤੀ ਗਈ। ਉਹਨਾਂ ਕਿਹਾ ਕਿ ਅੱਜ ਵੇਖਣ ਵਿਚ ਆ ਰਿਹਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਦੇ ਹੁਕਮਾਂ ਦੀ ਉਲੰਘਣਾ ਕਰ ਰਿਹਾ ਹੈ। ਉਹਨਾਂ ਕਿਹਾ ਕਿ ਜਿਸ ਤਰੀਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਅਹੁਦੇ ਤੋਂ ਹਟਾਇਆ ਗਿਆ ਤੇ ਹੋਰ ਜਥੇਦਾਰ ਸਾਹਿਬਾਨ ਦੀ ਕਿਰਦਾਰਕੁਸ਼ੀ ਕੀਤੀ ਜਾ ਰਹੀ ਹੈ, ਉਸ ਤੋਂ ਸਮੁੱਚੇ ਸਿੱਖ ਜਗਤ ਵਿਚ ਰੋਸ ਹੈ। ਉਹਨਾਂ ਕਿਹਾ ਕਿ ਇਸੇ ਲਈ ਅਸੀਂ ਫੈਸਲਾ ਲਿਆ ਹੈ ਕਿ ਸਮੁੱਚੇ ਦੇਸ਼ ਦੇ ਸਿੱਖਾਂ ਇਕ ਸਾਂਝੀ ਪੰਥਕ ਕਨਵੈਨਸ਼ਨ ਕਰਵਾਈ ਜਾਵੇ ਜੋ 19 ਫਰਵਰੀ ਨੂੰ ਸ਼ਾਮ 4.00 ਵਜੇ ਗੁਰਦੁਆਰਾ ਰਕਾਬਗੰਜ ਸਾਹਿਬ ਕੰਪਲੈਕਸ ਵਿਚ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਹੋਵੇਗੀ ਜਿਸ ਵਿਚ ਪੰਥ ਨੂੰ ਦਰਪੇਸ਼ ਚੁਣੌਤੀਆਂ 'ਤੇ ਚਰਚਾ ਕਰ ਕੇ ਅਗਲੇਰੀ ਰੂਪ ਰੇਖਾ ਉਲੀਕੀ ਜਾਵੇਗੀ। ਉਹਨਾਂ ਕਿਹਾ ਕਿ ਅੱਜ ਪੰਥਕ ਚੁਣੌਤੀਆਂ ਦਾ ਸਾਹਮਣਾ ਕਰਨ ਵਾਸਤੇ ਇਕਜੁੱਟ ਹੋਣ ਦੀ ਲੋੜ ਹੈ। ਉਹਨਾਂ ਕਿਹਾ ਕਿ ਕਨਵੈਨਸ਼ਨ ਵਿਚ ਅਸੀਂ ਪੰਜਾਂ ਤਖ਼ਤਾਂ ਦੇ ਸਿੰਘ ਸਾਹਿਬਾਨ, ਨਿਹੰਗ ਸਿੰਘ ਜਥੇਬੰਦੀਆਂ, ਸੰਪਰਦਾਵਾਂ ਤੇ ਦੇਸ਼ ਭਰ ਦੀਆਂ ਸਿੰਘ ਸਭਾਵਾਂ ਭਾਵੇਂ ਹੈਦਰਾਬਾਦ, ਕਲਕੱਤਾ, ਇੰਦੌਰ ਤੇ ਭਾਵੇਂ ਆਸਾਮ ਦੀਆਂ ਹੋਣ, ਉਹਨਾਂ ਨੂੰ ਸੱਦਾ ਦਿੱਤਾ ਹੈ। ਉਹਨਾਂ ਕਿਹਾ ਕਿ ਕਨਵੈਨਸ਼ਨ ਵਿਚ ਇਸ ਗੱਲ 'ਤੇ ਚਰਚਾ ਕੀਤੀ ਜਾਵੇਗੀ ਕਿ ਜਿਹੜੇ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮਾਂ ਦੀ ਉਲੰਘਣਾ ਕਰਦੇ ਹਨ, ਉਹਨਾਂ ਨਾਲ ਕਿਵੇਂ ਨਜਿੱਠਣਾ ਹੈ। ਇਕ ਸਵਾਲ ਦੇ ਜਵਾਬ ਵਿਚ ਉਹਨਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਕਾਲਾ ਇਤਿਹਾਸ ਲਿਖਿਆ ਗਿਆਨੀ ਹਰਪ੍ਰੀਤ ਸਿੰਘ ਨੂੰ ਹਟਾ ਕੇ ਤੇ ਉਹਨਾਂ ਨੂੰ ਕਨਵੈਨਸ਼ਨ ਵਿਚ ਸੱਦਣ ਦੀ ਕੋਈ ਤੁੱਕ ਨਹੀਂ ਬਣਦੀ। ਉਹਨਾਂ ਹੋਰ ਕਿਹਾ ਕਿ ਅਸੀਂ ਉਹਨਾਂ ਨੂੰ ਸੁਚੇਤ ਕਰਵਾਂਗੇ ਕਿ ਜੇਕਰ ਤੁਸੀਂ ਅਜਿਹੇ ਕਦਮ ਚੁੱਕੋਗੇ ਤਾਂ ਕੌਮ ਤੁਹਾਡਾ ਨੋਟਿਸ ਲਵੇਗੀ। ਇਕ ਹੋਰ ਸਵਾਲ ਦੇ ਜਵਾਬ ਵਿਚ ਉਹਨਾਂ ਕਿਹਾ ਕਿ ਦਿੱਲੀ ਵਿਚ ਚੋਣਾਂ ਵਿਚ ਜਿਸ ਕਿਸੇ ਨੇ ਵੀ ਸਿੱਖ ਉਮੀਦਵਾਰ ਨੇ ਮਦਦ ਮੰਗੀ, ਅਸੀਂ ਉਹਨਾਂ ਦੀ ਮਦਦ ਕੀਤੀ ਹੈ। ਉਹਨਾਂ ਕਿਹਾ ਕਿ ਅਸੀਂ ਸਰਦਾਰ ਮਨਜਿੰਦਰ ਸਿੰਘ ਸਿਰਸਾ ਸਾਬਕਾ ਪ੍ਰਧਾਨ ਦਿੱਲੀ ਗੁਰਦੁਆਰਾ ਕਮੇਟੀ ਤੇ ਸਰਦਾਰ ਤਰਵਿੰਦਰ ਸਿੰਘ ਮਰਵਾਹ ਦੀ ਅਸੀਂ ਮਦਦ ਕੀਤੀ ਹੈ। ਉਹਨਾਂ ਕਿਹਾ ਕਿ ਜਿਹੜੀ ਸੀਟ 'ਤੇ ਸਿੱਖ ਉਮੀਦਵਾਰਾਂ ਨੇ ਮਦਦ ਮੰਗੀ ਹੈ, ਅਸੀਂ ਮਦਦ ਕੀਤੀ ਹੈ। ਉਹਨਾਂ ਕਿਹਾ ਕਿ ਸਰਕਾਰਾਂ ਨਾਲ ਸੁਖਾਵੇਂ ਸੰਬੰਧਾਂ ਕਰ ਕੇ ਅਸੀਂ ਬਕਾਇਆ ਰਹਿੰਦੇ ਮਾਮਲੇ ਵੀ ਨਿਪਟਾਵਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਰਾਹੁਲ ਗਾਂਧੀ, ਸੱਜਣ ਕੁਮਾਰ ਨੂੰ ਪਾਰਟੀ ਵਿਚੋਂ ਕੱਢਣ ਅਤੇ ਦੇਸ਼ ਤੋਂ ਮੁਆਫੀ ਮੰਗਣ: ਮਨਜਿੰਦਰ ਸਿੰਘ ਸਿਰਸਾ



**ਨਵੀਂ ਦਿੱਲੀ, 15 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- ਭਾਜਪਾ ਦੇ ਕੌਮੀ ਸਕੱਤਰ ਅਤੇ ਰਾਜੌਰੀ ਗਾਰਡਨ ਹਲਕੇ ਤੋਂ ਵਿਧਾਇਕ ਮਨਜਿੰਦਰ ਸਿੰਘ ਸਿਰਸਾ ਨੇ ਕਾਂਗਰਸ ਦੇ ਆਗੂ ਰਾਹੁਲ ਗਾਂਧੀ ਨੂੰ ਆਖਿਆ ਹੈ ਕਿ ਉਹਨਾਂ ਦੇ ਪਾਰਟੀ ਦੇ ਆਗੂ ਸੱਜਣ ਕੁਮਾਰ ਨੂੰ 1984 ਦੇ ਸਿੱਖ ਕਤਲੇਆਮ ਦੇ ਦੂਜੇ ਕੇਸ ਵਿਚ ਦੋਸ਼ੀ ਠਹਿਰਾਏ ਜਾਣ ਮਗਰੋਂ ਹੁਣ ਰਾਹੁਲ ਗਾਂਧੀ ਨੂੰ ਦੇਸ਼ ਕੋਲੋਂ ਮੁਆਫੀ ਮੰਗਣੀ ਚਾਹੀਦੀ ਹੈ ਤੇ ਸੱਜਣ ਕੁਮਾਰ ਨੂੰ ਪਾਰਟੀ ਵਿਚੋਂ ਕੱਢ ਦੇਣਾ ਚਾਹੀਦਾ ਹੈ। ਰਾਹੁਲ ਗਾਂਧੀ ਨੂੰ ਲਿਖੇ ਪੱਤਰ ਵਿਚ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਸੀਨੀਅਰ ਕਾਂਗਰਸੀ ਆਗੂ ਦੀ 1984 ਦੇ ਸਿੱਖ ਕਤਲੇਆਮ ਵਿਚ ਭੂਮਿਕਾ ਲਈ ਉਸਨੂੰ ਇਕ ਹੋਰ ਕੇਸ ਵਿਚ ਦੋਸ਼ੀ ਠਹਿਰਾਇਆ ਜਾਣਾ ਭਾਰਤ ਦੇ ਇਤਿਹਾਸ ਦਾ ਸਭ ਤੋਂ ਦੁਖਦਾਇਕ ਤੇ ਸ਼ਰਮਨਾਕ ਦੌਰ ਚੇਤੇ ਕਰਵਾਉਂਦਾ ਹੈ। ਉਹਨਾਂ ਕਿਹਾ ਕਿ ਚਾਰ ਦਹਾਕਿਆਂ ਤੋਂ ਪੀੜਤ ਤੇ ਉਹਨਾਂ ਦੇ ਪਰਿਵਾਰ ਮਾਸੂਮ ਸਿੱਖਾਂ ਦੇ ਕਤਲੇਆਮ ਕਰਨ, ਕਰਵਾਉਣ ਤੇ ਉਹਨਾਂ ਦੀ ਪੁਸ਼ਤ ਪਨਾਹੀ ਕਰਨ ਵਾਲਿਆਂ ਖਿਲਾਫ ਇਨਸਾਫ ਦੀ ਲੜਾਈ ਲੜਦੇ ਆ ਰਹੇ ਹਨ। ਉਹਨਾਂ ਕਿਹਾ ਕਿ ਹੁਣ ਜਦੋਂ ਅਦਾਲਤ ਨੇ ਤੀਜੀ ਵਾਰ ਉਸਦੇ ਦੋਸ਼ ਦੀ ਪੁਸ਼ਟੀ ਕਰ ਦਿੱਤੀ ਹੈ ਤਾਂ ਇਹ ਜ਼ਿੰਮੇਵਾਰੀ ਹੁਣ ਰਾਹੁਲ ਗਾਂਧੀ ਦੀ ਬਣਦੀ ਹੈ ਕਿ ਉਹ ਨੈਤਿਕ ਦਲੇਰੀ ਅਤੇ ਸਿਆਸੀ ਜ਼ਿੰਮੇਵਾਰੀ ਵਿਖਾਉਣ। ਉਹਨਾਂ ਕਿਹਾ ਕਿ ਉਹ ਹਾਲ ਹੀ ਵਿਚ ਦੋ ਵਾਰ ਸ੍ਰੀ ਦਰਬਾਰ ਸਾਹਿਬ ਗਏ ਸਨ ਤੇ ਇਸ ਤਰੀਕੇ ਵਿਹਾਰ ਕਰ ਰਹੇ ਸਨ ਜਿਵੇਂ ਉਹ ਸਿੱਖਾਂ ਦੇ ਹਮਦਰਦ ਤੇ ਸਾਥੀ ਹੋਣ ਜਦੋਂ ਕਿ ਉਹਨਾਂ ਦੀਆਂ ਕਾਰਵਾਈਆਂ ਦੱਸਦੀਆਂ ਹਨ ਕਿ ਉਹ ਸਿਰਫ ਸੰਕੇਤਕ ਹਨ। ਉਹਨਾਂ ਕਿਹਾ ਕਿ ਸੱਚਾਈ ਹਮੇਸ਼ਾ ਕੌੜੀ ਰਹੇਗੀ ਕਿ ਸੱਜਣ ਕੁਮਾਰ ਨਾ ਸਿਰਫ ਕਾਂਗਰਸ ਪਾਰਟੀ ਦਾ ਮੈਂਬਰ ਰਿਹਾ ਬਲਕਿ ਤੁਹਾਡੀ ਪਾਰਟੀ ਨੇ ਦਹਾਕਿਆਂ ਤੱਕ ਉਸਦੀ ਰਾਖੀ ਕੀਤੀ, ਉਸਦੀ ਪੁਸ਼ਤ ਪਨਾਹੀ ਕੀਤੀ ਤੇ ਉਸਦਾ ਬਚਾਅ ਕੀਤਾ। ਉਹਨਾਂ ਕਿਹਾ ਕਿ ਹੁਣ ਵੀ ਜਦੋਂ ਉਸਨੂੰ ਦੋਸ਼ੀ ਠਹਿਰਾਇਆ ਜਾ ਚੁੱਕਾ ਹੈ ਤਾਂ ਵੀ ਤੁਹਾਡੀ ਲੀਡਰਸ਼ਿਪ ਵੱਲੋਂ ਇਸਦੀ ਨਿਖੇਧੀ ਨਹੀਂ ਕੀਤੀ ਗਈ। ਉਹਨਾਂ ਕਿਹਾ ਕਿ ਜੇਕਰ ਨਿਆਂ ਤੇ ਫਿਰਕੂ ਸਦਭਾਵਨਾ ਲਈ ਤੁਹਾਡੀ ਵਚਨਬੱਧਤਾ ਪੱਕੀ ਹੈ ਅਤੇ ਸਿਰਫ ਸਿਆਸੀ ਵਿਖਾਵਾ ਨਹੀਂ ਹੈ ਤਾਂ ਉਹਨਾਂ ਨੂੰ ਸਿੱਖ ਕੌਮ ਤੇ ਸਮੁੱਚੇ ਦੇਸ਼ ਕੋਲੋਂ ਸੱਜਣ ਕੁਮਾਰ ਵਰਗੇ ਦੋਸ਼ੀ ਦੀ ਪੁਸ਼ਤ ਪਨਾਹੀ ਕਰਨ ਤੇ ਉਸਨੂੰ ਮਜ਼ਬੂਤ ਬਣਾਉਣ ਲਈ ਮੁਆਫੀ ਮੰਗਣੀ ਚਾਹੀਦੀ ਹੈ ਤੇ ਸੱਜਣ ਕੁਮਾਰ ਨੂੰ ਤੁਰੰਤ ਪਾਰਟੀ ਵਿਚੋਂ ਕੱਢਣਾ ਚਾਹੀਦਾ ਹੈ ਅਤੇ ਯਕੀਨੀ ਬਣਾਉਣਾ ਚਾਹੀਦਾ ਹੈ ਕਿ 1984 ਦੇ ਸਿੱਖ ਕਤਲੇਆਮ ਦਾ ਕੋਈ ਵੀ ਦੋਸ਼ੀ ਤੁਹਾਡੀ ਪਾਰਟੀ ਨਾਲ ਨਾ ਜੁੜਿਆ ਹੋਵੇ। ਉਹਨਾਂ ਇਹ ਵੀ ਕਿਹਾ ਕਿ ਉਹਨਾਂ ਨੂੰ ਸੰਸਦ ਵਿਚ ਇਕ ਮਤਾ ਪੇਸ਼ ਕਰ ਕੇ 1984 ਕਤਲੇਆਮ ਦੇ ਕੇਸਾਂ ਦੀ ਨਵੇਂ ਸਿਰੇ ਤੋਂ ਜਾਂਚ ਕਰਨ ਤੇ ਨਿਆਂ ਯਕੀਨੀ ਬਣਾਉਣ ਲਈ ਐਸ ਆਈ ਟੀ ਦਾ ਗਠਨ ਕਰਨ ਲਈ ਮੋਦੀ ਸਰਕਾਰ ਦਾ ਧੰਨਵਾਦ ਕਰਨਾ ਚਾਹੀਦਾ ਹੈ। ਉਹਨਾਂ ਨੇ ਰਾਹੁਲ ਗਾਂਧੀ ਨੂੰ ਪੁੱਛਿਆ ਕਿ ਕੀ ਉਹ ਸਿਆਸੀ ਫਾਇਦੇ ਨਾਲੋਂ ਨਿਆਂ ਦੀ ਚੋਣ ਕਰਨਗੇ ਜਾਂ ਫਿਰ ਕਾਂਗਰਸ ਪਾਰਟੀ ਵੱਲੋਂ ਦਹਾਕਿਆਂ ਤੋਂ ਅਪਣਾਈ ਜਾ ਰਹੀ ਆਪਣੀ ਭੂਮਿਕਾ ਦਾ ਖੰਡਨ ਕਰਨ ਦੀ ਨੀਤੀ ਅਪਣਾਉਂਦੇ ਰਹਿਣਗੇ ? ਉਹਨਾਂ ਕਿਹਾ ਕਿ ਸਿਰਫ ਸ਼ਬਦ ਕਾਫੀ ਨਹੀਂ ਬਲਕਿ ਫੈਸਲਾਕੁੰਨ ਕਾਰਵਾਈ ਵੀ ਇਹ ਸਾਬਤ ਕਰੇਗੀ ਕਿ ਤੁਸੀਂ ਜੋ ਕਹਿੰਦੇ ਹੋ, ਉਹ ਕਰਦੇ ਹੋ ਜਾਂ ਨਹੀਂ। ਉਹਨਾਂ ਕਿਹਾ ਕਿ ਉਹਨਾਂ ਨੇ ਬਹੁਤ ਹੀ ਸੰਜੀਦਗੀ ਨਾਲ ਤੇ ਇਸ ਆਸ ਵਿਚ ਇਹ ਪੱਤਰ ਲਿਖਿਆ ਹੈ ਕਿ ਰਾਹੁਲ ਗਾਂਧੀ ਆਪਣੇ ਸ਼ਬਦਾਂ 'ਤੇ ਖਰ੍ਹੇ ਉਤਰਣਗੇ ਤੇ ਤੁਰੰਤ ਕਾਰਵਾਈ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਬਾਘਿਓਂ ਪਾਰ ਦੀਆਂ ਕਾਨਫਰੰਸਾਂ ਵਿਚਲਾ ਇਹ ਵਰਤਾਰਾ !














**ਸ਼ਿੰਗਾਰਾ ਸਿੰਘ ਢਿੱਲੋਂ (ਪ੍ਰੋ.)**

ਸਾਹਿਤ ਸਭਾਵਾਂ ਦੀਆਂ ਇਕੱਤਰਤਾਵਾਂ ਵਿਚ ਇਹ ਆਮ ਹੀ ਦੇਖਿਆ ਜਾਂਦਾ ਹੈ ਕਿ ਕਿਸੇ ਨੂੰ ਬੋਲਣ ਵਾਸਤੇ ਵੱਧ ਤੇ ਕਿਸੇ ਨੂੰ ਘੱਟ ਸਮਾਂ ਦਿੱਤਾ ਜਾਂਦਾ ਹੈ । ਇਸ ਤਰਾਂ ਵੀ ਹੁੰਦਾ ਹੈ ਕਿ ਕਈਆਂ ਨੂੰ ਸਟੇਜ ਸੈਕਟਰੀ ਵਲੋਂ ਉਹਨਾਂ ਨੂੰ ਦਿੱਤੇ ਗਏ ਸਮੇਂ ਦੇ ਪੂਰਾ ਹੋਣ ਤੋਂ ਪਹਿਲਾਂ ਹੀ ਸਟੇਜ ਤੋਂ ਹੇਠਾਂ ਉਤਰਨ ਵਾਸਤੇ ਕਹਿ ਦਿੱਤਾ ਜਾਂਦਾ ਹੈ ।ਕਈ ਬੁਲਾਰੇ ਇਸ ਤਰਾਂ ਦੇ ਵੀ ਹੁੰਦੇ ਹਨ ਜੋ ਬੇਸਬਰੇ ਹੁੰਦੇ ਹਨ, ਉਹ ਇਤਮਨਾਨ ਨਾਲ ਆਪਣੀ ਵਾਰੀ ਦੀ ਇੰਤਜਾਰ ਹੀ ਨਹੀਂ ਕਰ ਸਕਦੇ ਤੇ ਦਾਅ ਲਗਦਿਆਂ ਵਿਚ ਵਿਚਾਲਿਓਂ ਹੀ ਧੁੱਸ ਦੇ ਕੇ ਮਾਇਕ 'ਤੇ ਕਬਜਾ ਕਰ ਲੈਂਦੇ ਹਨ ਤੇ ਕਰਦੇ ਵੀ ਏਨੀ ਹੁਸ਼ਿਆਰੀ ਨਾਲ ਹਨ ਕਿ ਸਟੇਜ ਸੈਕਟਰੀ ਵੀ ਖੜ੍ਹਾ ਹੀ ਦੇਖਦਾ ਰਹਿ ਜਾਂਦਾ ਹੈ ।ਕਈ ਵਾਰ ਇਹ ਸਟੇਜ ਸਕੱਤਰ ਵੀ ਅਜਿਹਾ ਹੁੰਦਾ ਹੈ ਕਿ ਉਹ ਸਭਨਾ ਨੂੰ ਇਕ ਅੱਖ ਨਾਲ ਦੇਖਣ ਦੀ ਬਜਾਏ ਕਈਆਂ ਨੂੰ ਕਾਣੀ ਅੱਖ ਨਾਲ ਦੇਖਦਾ ਹੈ ।ਕਹਿਣ ਦਾ ਭਾਵ ਇਹ ਕਿ ਆਪਣੇ ਨੇੜਲਿਆਂ ਨੂੰ ਪਹਿਲ ਦੇਂਦਾ ਹੈ ਤੇ ਜਿਹਨਾਂ ਨਾਲ ਸਰਸਰੀ ਗੱਲਬਾਤ ਹੁੰਦੀ ਹੈ, ਉਹਨਾਂ ਨੂੰ ਫਾਡੀ ਰੱਖਦਾ ਹੈ ।

ਏਹੀ ਕਾਰਨ ਹੈ ਕਿ ਸਾਹਿਤ ਸਭਾਵਾਂ ਦੀਆਂ ਇਕੱਤਰਤਾਵਾਂ ਵਿਚ ਸਟੇਜ ਦੇ ਸਮੇਂ ਦੀ ਵਾਧ ਘਾਟ ਨੂੰ ਲੈ ਕੇ ਸਾਹਿਤਕਾਰਾਂ ਵਿਚ ਗੁੱਸਾ ਗਿਲਾ ਅਕਸਰ ਹੀ ਚਲਦਾ ਰਹਿੰਦਾ ਹੈ ।ਕਈ ਜਗਾ ਤਾਂ ਇਹ ਵੀ ਦੇਖਣ ਚ ਆਉਂਦਾ ਹੈ ਕਿ ਪ੍ਰਧਾਨਗੀ ਮੰਡਲ ਚ ਬੈਠਣ ਤੇ ਬਿਠਾਉਣ ਸਮੇਂ ਨਰਾਜਗੀ, ਗੁੱਸਾ ਗਿਲਾ ਤੇ ਕਿਹਾ ਸੁਣੀ ਵੀ ਹੋ ਜਾਂਦੀ ਹੈ ਅਤੇ ਨੌਬਤ ਵਾਕ ਆਊਟ ਕਰਨ ਤੱਕ ਵੀ ਪਹੁੰਚ ਜਾਂਦੀ ਹੈ ।ਦੇਖਣ ਵਿਚ ਇਹ ਵੀ ਆਇਆ ਹੈ ਕਿ ਸਾਹਿਤਕਾਰਾਂ ਵਿਚ ਵੀ ਉਕਤ ਮਸਲਿਆਂ ਨੂੰ ਲੈ ਕੇ ਈਗੋ ਨੱਕੋ ਨੱਕ ਭਰੀ ਨਜਰ ਆਉਂਦੀ ਹੈ ।ਈਗੋ ਦਾ ਇਹ ਲੀਵਲ ਉਸ ਵੇਲੇ ਵੀ ਛਲਕਦਾ ਨਜਰ ਆ ਜਾਂਦਾ ਹੈ ਜਦੋਂ ਇਹ ਈਗੋਇਸਟ ਸਾਹਿਤਕਾਰ ਆਪਸ ਵਿਚ ਗੱਲਾਂ ਬਾਤਾਂ ਕਰਦੇ ਹੋਏ ਇਕ ਦੂਸਰੇ ਨਾਲ ਕਾਟਵੀਂ ਭਾਸ਼ਾ ਵਿਚ ਗੱਲ ਕਰਦੇ ਹੋਏ ਆਪਣੇ ਆਪ ਨੂੰ ਵਧੀਆ ਸਾਬਤ ਕਰਨ ਲਈ ਵੱਡਿਆਉਂਦੇ ਹਨ ਤੇ ਦੂਸਰਿਆਂ ਨੂੰ ਛੁਟਿਆਉਂਦੇ ਹੋਏ ਇਹ ਭੁੱਲ ਜਾਂਦੇ ਹਨ ਕਿ ਵੱਡਾ ਉਹ ਨਹੀਂ ਹੁੰਦਾ ਜੋ ਦੂਸਿਰਆਂ ਨੂੰ ਆਪਣੇ ਤੋਂ ਛੋਟਾ ਹੋਣ ਦਾ ਅਹਿਸਾਸ ਕਰਾਉਂਦਾ ਹੈ ਬਲਕਿ ਵੱਡਾ ਉਹ ਹੁੰਦਾ ਹੈ, ਜੋ ਵੱਡਾ ਹੋਣ ਦੇ ਬਾਵਜੂਦ ਵੀ ਦੂਸਰਿਆਂ ਨੂੰ ਆਪਣੇ ਬਰਾਬਰ ਰੱਖਦਾ ਹੈ ਤੇ ਉਹਨਾਂ ਨੂੰ ਕਦੇ ਵੀ ਛੋਟਾ ਹੋਣ ਦਾ ਅਹਿਸਾਸ ਨਹੀਂ ਕਰਾਉਂਦਾ, ਪਰ ਜਿਹਨਾਂ ਦੀ ਮੱਤ ਹੀ ਹਾਉਮੇਂ ਨੇ ਮਾਰੀ ਹੋਵੇ , ਉਹਨਾਂ ਨੂੰ ਇਹ ਗੱਲ ਕਿਥੋ ਸਮਝ ਆਉਂਦੀ ਹੈ ! ਪਾਕਿਸਤਾਨ ਚ ਜਨਵਰੀ ਮਹੀਨੇ ਹੋਈਆਂ ਦੋਵੇਂ ਕਾਨਫਰੰਸਾਂ ਵਿਚ ਉਕਤ ਸਭ ਤਰਾਂ ਦੀਆਂ ਘਟਨਾਵਾਂ ਦੀ ਝਲਕ ਦੇਖਣ ਨੂੰ ਮਿਲੀ, ਮਾਇਕ ਕੈਪਚਰਇੰਗ ਦੀਆਂ ਘਟਨਾਵਾਂ ਵੀ ਵਾਪਰੀਆਂ, ਆਪਣੇ ਮੂੰਹ ਮੀਆਂ ਮਿੱਠੂ ਬਣਕੇ , ਇਕ ਦੂਸਰੇ ਨੂੰ ਆਪਣੇ ਤੋਂ ਛੋਟਾ ਤੇ ਨਿਗੁਣਾ ਦਿਖਾਉਣ ਦੀਆਂ ਘਟਨਾਵਾਂ ਵੀ ਵਾਪਰੀਆਂ ਅਤੇ ਕੁੱਝ ਕੁ ਵਿਦਵਾਨਾਂ ਦਾ ਇਹ ਗਿਲਾ ਵੀ ਰਿਹਾ ਕਿ ਉਹਨਾਂ ਨੂੰ ਸਟੇਜ ਤੋਂ ਬੋਲਣ ਦਾ ਬਣਦਾ ਢੁੱਕਦਾ ਸਮਾਂ ਨਹੀਂ ਦਿੱਤਾ ਗਿਆ ।ਇਹ ਵੀ ਦੇਖਿਆ ਗਿਆ ਕਿ ਕਈਆਂ ਨੇ ਮਾਈਕ ਉਤੇ ਜਬਰੀ ਕਬਜਾ ਕਰਕੇ ਜੱਬ੍ਹਲੀਆਂ ਵੀ ਭੋਰੀਆਂ, ਸਮਾਂ ਵੀ ਖਰਾਬ ਕੀਤਾ ਤੇ ਸਟੇਜ ਸਕੱਤਰ ਬੇਬਸ ਹੋ ਕੇ ਖੜ੍ਹਾ ਹੀ ਦੇਖਦਾ ਰਹਿ ਗਿਆ ।ਮੇਰੀ ਜਾਚੇ ਇਹ ਸਭ ਇਸ ਕਰਕੇ ਹੋਇਆ ਹੋਵੇਗਾ ਕਿ ਕਾਨਫਰੰਸਾਂ ਦੇ ਸ਼ੈਸ਼ਨਾਂ ਦੀ ਸ਼ੁਰੂਆਤ ਲੇਟ ਕੀਤੀ ਜਾਂਦੀ ਰਹੀ ਤੇ ਬਾਅਦ ਵਿਚ ਉਹਨਾਂ ਸ਼ੈਸ਼ਨਾ ਨੂੰ ਸਮਾਪਤ ਕਰਨ ਦੀ ਕਾਹਲ ਵਿਚ ਵਕਤਿਆਂ ਦੇ ਸਮੇਂ ਚ ਕੱਟ ਮਾਰੇ ਜਾਂਦੇ ਰਹੇ, ਜਾਂ ਕਈ ਵਕਤੇ ਵਧੇਰੇ ਸਮਾ ਮਾਂਜ ਗਏ ਹੋਣ ਕਾਰਨ ਦੂਸਰਿਆਂ ਨੂੰ ਬਣਦਾ ਸਮਾਂ ਹੀ ਨਾ ਦਿੱਤਾ ਜਾ ਸਕਿਆ ਤੇ ਕਈ ਇਸ ਤਰਾਂ ਦੇ ਡੈਲੀਗੇਟਜ ਵੀ ਮਿਲੇ ਜੋ ਆਪਣੇ ਆਪ ਨੂੰ ਕਾਨਫਰੰਸ ਪ੍ਰਬੰਧਕਾਂ ਵਲੋਂ ਅਣਗੌਲਿਆ ਕਰਨਾ ਹੀ ਮਹਿਸੂਸ ਕਰਦੇ ਰਹੇ ।ਦੂਸਰੇ ਪਾਸੇ ਜਿਹਨਾਂ ਦੀ ਈਗੋ ਉਬਾਲੇ ਮਾਰਦੀ ਰਹੀ, ਉਹ ਵਾਰ ਵਾਰ ਮਾਇਕ ਕੈਪਚਰ ਕਰਦੇ ਰਹੇ ।ਕਿਧਰੇ ਕਿਧਰੇ ਕਾਣੀ ਅੱਖ ਦੀ



ਕਰਾਮਾਤ ਵੀ ਚਲਦੀ ਰਹੀ। ਕੁੱਲ ਮਿਲਾ ਕੇ ਕਹਿ ਸਕਦਾ ਹਾਂ ਕਿ ਮੀਟਿੰਗ ਕਿਸੇ ਸਾਹਿਤ ਸਭਾ ਦੀ ਹੋਵੇ ਜਾਂ ਫਿਰ ਕਾਨਫਰੰਸ ਦੀ, ਪ੍ਰਬੰਧਕਾਂ ਵਲੋਂ ਇਹ ਯਕੀਨੀ ਬਣਾਇਆ ਜਾਵੇ ਕਿ ਜਿਹਨਾਂ ਨੂੰ ਸੱਦਾ ਪੱਤਰ ਦਿੱਤਾ ਗਿਆ ਹੋਵੇ, ਉਹਨਾਂ ਸਭਨਾਂ ਨਾਲ ਬਰਾਬਰਤਾ ਦਾ ਵਿਵਹਾਰ ਕੀਤਾ ਜਾਵੇ, ਹਰ ਇਕ ਬੁਲਾਰੇ ਨੂੰ ਬੋਲਣ ਦਾ ਬਰਾਬਰ ਮੌਕਾ ਦਿੱਤਾ ਜਾਵੇ, ਕਾਣੀ ਅੱਖ ਨਾਲ ਦੇਖਣਾ ਬੰਦ ਕਰਕੇ ਇਕ ਅੱਖ ਨਾਲ ਦੇਖਿਆ ਜਾਵੇ, ਸਾਹਿਤਕਾਰ ਵੀ ਆਪਣੀ ਈਗੋ ਨੂੰ ਸ਼ਾਂਤ ਰੱਖਣ, ਆਪਣੇ ਮੂੰਹ ਮੀਆਂ ਮਿੱਠੂ ਬਣਕੇ ਆਪਣੀ ਇੱਜਤ ਦਾ ਫਲੂਜਾ ਕਰਕੇ ਆਪਣੇ ਆਪ ਨੂੰ ਮਹਾਂ ਮੂਰਖ ਸਾਬਤ ਕਰਨ ਦੀ ਕੋਸ਼ਿਸ਼ ਨਾ ਕਰਨ ।ਹਰ ਸ਼ਖਸ਼ ਆਪਣੇ ਆਪ ਵਿਚ ਵਿਲੱਖਣ ਹੁੰਦਾ ਹੈ, ਉਸ ਦੀਆਂ ਆਪਣੀਆਂ ਵਿਲੱਖਣ ਯੋਗਤਾਵਾਂ ਹੁੰਦੀਆਂ ਹਨ ਜਿਸ ਕਰਕੇ ਕਿਸੇ ਦੀ ਵੀ ਕਿਸੇ ਦੂਸਰੇ ਨਾਲ ਤੁਲਨਾ ਕਰਨੀ ਬੇਅਰਥ ਹੁੰਦੀ ਹੈ ।ਆਸ ਹੈ ਕਿ ਸਾਹਿਤ ਸਭਾਵਾਂ ਅਤੇ ਕਾਨਫਰਸਾਂ ਵਿਚ ਚੱਲ ਰਿਹਾ ਇਹ ਉਕਤ ਵਰਤਾਰਾ ਬੰਦ ਹੋਵੇਗਾ, ਸਿਰ ਜੋੜ ਕੇ ਸਾਹਿਤ, ਭਾਸ਼ਾ ਅਤੇ ਸੱਭਿਆਚਾਰ ਦੀ ਬੇਹਤਰੀ ਵਾਸਤੇ ਗੱਲ ਕਰਨ ਦੀ ਪਿਰਤ ਸ਼ੁਰੂ ਹੋਏਗੀ, ਇਹ ਸਮਝ ਲੈਣਾ ਚਾਹੀਦਾ ਹੈ ਕਿ ਈਗੋ ਅਤੇ ਸਾਹਿਤਕ ਜੁੰਡਲੀਬਾਜੀ ਤੋਂ ਮੁਕਤੀ ਹੀ ਸਾਡੇ ਵਾਸਤੇ ਕਿਸੇ ਠੋਸ ਪਰਾਪਤੀ ਦੀ ਧੁਰੋਹਰ ਹੋ ਸਕਦੀ ਹੈ, ਇਸ ਤੋਂ ਬਿਨਾਂ ਸਿਵਾਏ ਕੁਕੜਖੋਹੀ ਤੋਂ ਹੋਰ ਕੁੱਝ ਵੀ ਪਰਾਪਤ ਹੋਣ ਵਾਲਾ ਨਹੀਂ।

## ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਵਿਖੇ ਧੰਨ—ਧੰਨ ਸੰਤ ਬਾਬਾ ਕੁੰਦਨ ਸਿੰਘ ਜੀ ਨਾਨਕਸਰ ਕਲੇਰਾਂ ਵਾਲੇ, ਧੰਨ—ਧੰਨ ਸੰਤ ਬਾਬਾ ਪਿਆਰਾ ਸਿੰਘ ਜੀ ਢਾਬਸਰ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ 22 ਫਰਵਰੀ ਨੂੰ ਨਗਰ ਕੀਰਤਨ, 23 ਫਰਵਰੀ ਨੂੰ ਸਲਾਨਾ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ—ਸੰਤ ਬਾਬਾ ਅਜੀਤਪਾਲ ਸਿੰਘ ਪਾਲੀ

**ਫ਼ਿਰੋਜ਼ਪੁਰ, 15 ਫਰਵਰੀ (ਮਨੋਹਰ ਲਾਲ) :—** ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਵਿਖੇ ਧੰਨ—ਧੰਨ ਸੰਤ ਬਾਬਾ ਕੁੰਦਨ ਸਿੰਘ ਜੀ ਨਾਨਕਸਰ ਕਲੇਰਾਂ ਵਾਲੇ ਧੰਨ—ਧੰਨ ਸੰਤ ਬਾਬਾ ਪਿਆਰਾ ਸਿੰਘ ਜੀ ਢਾਬਸਰ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ 22 ਫਰਵਰੀ ਦਿਨ ਸ਼ਨੀਵਾਰ (11 ਫੱਗਣ) ਨੂੰ ਅਤੇ 23 ਫਰਵਰੀ 2025 ਦਿਨ ਐਤਵਾਰ ਨੂੰ ਸਲਾਨਾ ਮਹਾਨ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਇਹ ਜਾਣਕਾਰੀ ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਅਜੀਤ ਪਾਲ ਸਿੰਘ ਪਾਲੀ ਨੇ ਪੱਤਰਕਾਰਾਂ ਨਾਲ



ਗੱਲਬਾਤ ਕਰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧੰਨ—ਧੰਨ ਸੰਤ ਬਾਬਾ ਕੁੰਦਨ ਸਿੰਘ ਜੀ ਨਾਨਕਸਰ ਕਲੇਰਾਂ ਵਾਲੇ, ਧੰਨ—ਧੰਨ ਬਾਬਾ ਪਿਆਰਾ ਸਿੰਘ ਢਾਬਸਰ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ ਸੰਤ ਬਾਬਾ ਗੁਰਜੀਤ ਸਿੰਘ ਮੁਖੀ ਨਾਨਕਸਰ ਕਲੇਰਾਂ ਵਾਲੇ, ਸੰਤ ਗੁਰਚਰਨ ਸਿੰਘ ਨਾਨਕਸਰ ਕਲੇਰਾਂ ਵਾਲਿਆਂ ਦੀ ਸੁਚੱਜੀ ਅਗਵਾਈ ਹੇਠ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਹਿਜ ਪਾਠਾਂ ਦੀ ਲੜੀ 13 ਜਨਰੀ 2025 (30 ਪੋਹ) ਦਿਨ ਸੋਮਵਾਰ ਤੋਂ ਆਰੰਭ ਹਨ, ਜਿਨ੍ਹਾਂ ਦੀ ਪੰਜਵੀਂ ਲੜੀ ਸਹਿਜ ਪਾਠਾਂ ਦੇ ਭੋਗ ਐਤਵਾਰ 16 ਫਰਵਰੀ (5 ਫੱਗਣ) ਨੂੰ ਪਾਏ ਜਾਣਗੇ ਅਤੇ 6ਵੀਂ ਲੜੀ ਵੀ ਐਤਵਾਰ 16 ਫਰਵਰੀ ਨੂੰ ਸ਼ੁਰੂ ਕੀਤੀ ਜਾਵੇਗੀ, ਜਿਸ ਦੇ ਭੋਗ 23 ਫਰਵਰੀ ਦਿਨ ਐਤਵਾਰ 2025 ਦਿਨ ਐਤਵਾਰ ਨੂੰ ਪਾਏ ਜਾਣਗੇ। ਸ੍ਰੀਮਾਨ ਸੰਤ ਬਾਬਾ ਅਜੀਤਪਾਲ ਸਿੰਘ ਪਾਲੀ ਨੇ ਅੱਗੇ ਦੱਸਿਆ ਕਿ ਇਸੇ ਤਰ੍ਹਾਂ ਮਹਾਨ ਨਗਰ ਕੀਰਤਨ 22 ਫਰਵਰੀ ਦਿਨ ਸ਼ਨੀਵਾਰ ਨੂੰ ਸਜਾਇਆ ਜਾਵੇਗਾ, ਜ਼ੋ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਹੇਠ ਪੰਜ ਨਿਸ਼ਾਨਚੀ ਸਾਹਿਬ ਦੇ ਹੇਠ ਆਰੰਭ ਹੋਵੇਗਾ। ਜ਼ੋ ਕਿਠ ਾਠ ਨਾਨਕਸਰ ਤੋਂ ਆਰੰਭ ਹੋ ਕੇ ਪਿੰਡ ਗੋਬਿੰਦ ਨਗਰ, ਕੋਟ ਮੱਤਾ, ਬਾਲੇਵਾਲਾ, ਨਾਨਕਪੁਰਾ, ਬੁੰਗਾ, ਸੈਦੇ ਕੇ ਰਹੇਲਾ, ਢਾਨੀਆ, ਗਾਮੇਵਾਲਾ, ਸੈਦੇ ਕੇ ਰਹੇਲਾ, ਗੁਰਦੁਆਰਾ ਸ਼ਹੀਦਾਂ ਸਾਹਿਬ, ਧੀਰਾ ਪੱਤਰਾ, ਵਸਤੀ ਨੱਕੇਸ਼ਾਹ ਵਾਲੀ, ਭਾਵੜਾ ਆਜ਼ਮ ਸ਼ਾਹ, ਬਸਤੀ ਮਹਾਂ ਸਿੰਘ ਵਾਲੀ, ਫੁਲਰਵੰਨ, ਜੰਗਾਂ ਵਾਲਾ ਮੋੜ, ਸਦਰਦੀਨ, ਕਾਲਾ ਟਿੱਬੀ, ਨਿੱਕੀ ਟਿੱਬੀ, ਕੋਟ ਆਸਾ ਸਿੰਘ ਵਾਲਾ, ਪੀਰੂ ਵਾਲਾ, ਖਾਈ ਫੇਮੇਕੀ, ਦੋਨੋਂ ਗੁਰੂਦੁਆਰਾ ਸਾਹਿਬ ਤੋਂ ਹੁੰਦਾ ਹੋਇਆ ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਲੀ ਫੇਮੇਕੀ ਵਿਖੇ ਸ਼ਾਮ ਨੂੰ ਸਮਾਪਤੀ ਦੀ ਅਰਦਾਸ ਹੋਵੇਗੀ। ਬਾਬਾ ਜੀ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਦੋ ਦਿਨ ਗੁਰਦੁਆਰਾ ਸਾਹਿਬ ਵਿਖੇ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ, ਨਾਲ ਹੀ ਬਾਬਾ ਜੀ ਨੇ ਸਮੂਹ ਸੰਗਤ ਨੂੰ ਬੇਨਤੀ ਕੀਤੀ ਕਿ ਉਹ ਗੁਰੂ ਦੀ ਬਖਸ਼ਿਸ਼ ਕਾਰਾਂ, ਜੀਪਾਂ, ਟਰੈਕਟਰ—ਟਰਾਲੀਆਂ , ਬੱਸਾਂ ਆਦਿ ਲੈ ਕੇ ਨਗਰ ਕੀਰਤਨ ਵਿਚ ਸ਼ਾਮਲ ਹੋਣ ਅਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

## ਗੁਰਦੁਆਰਾ ਠਾਠ ਨਾਨਕਸਰ ਛਾਗਾ ਖੁਰਦ ਦੇ ਮੁੱਖ ਸੇਵਾਦਾਰ ਸਤਿਕਾਰਯੋਗ ਸੰਤ ਬਾਬਾ ਸੁੱਚਾ ਸਿੰਘ ਦਾ ਜਨਮ ਦਿਹਾੜਾ ਸੰਗਤਾਂ ਨੇ ਬੜੀ ਸ਼ਰਧਾ ਨਾਲ ਮਨਾਇਆ

ਫ਼ਿਰੋਜ਼ਪੁਰ, 15 ਫਰਵਰੀ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸਤਿਕਾਰਯੋਗ ਸੰਤ ਬਾਬਾ ਸੁੱਚਾ ਸਿੰਘ ਜੀ ਦਾ ਜਨਮ ਦਿਹਾੜਾ ਸੰਗਤਾਂ ਨੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ। ਇਸ ਮੌਕੇ ਤੇ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਚੰਨ ਸਿੰਘ, ਭਾਈ ਜ਼ੋਗਾ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ, ਭਾਈ ਬੱਬੂ ਸਿੰਘ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਵਧਾਈ ਦੇਣ ਵਾਲਿਆਂ ਵਿਚ ਭਾਈ ਸ਼ੇਰ ਸਿੰਘ ਸਰਪੰਚ, ਭਾਈ ਜ਼ਸਵੀਰ ਸਿੰਘ, ਭਾਈ ਸੰਤੋਖ ਸਿੰਘ ਲਾਗਰੀ, ਭਾਈ ਨਿਰਮਲ ਸਿੰਘ, ਭਾਈ ਨਿਰਵੈਰ ਸਿੰਘ ਸਾਬਕਾ ਸਰਪੰਚ ਕਿਲੀ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਬਾਬਾ ਜੀ ਦੇ ਸੇਵਾਦਾਰਾਂ ਨੇ ਵਧਾਈ ਦਿੱਤੀ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਆਈ ਹੋਈ ਸੰਗਤ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਵੀ ਬਾਬਾ ਜੀ ਨੂੰ ਵਧਾਈ ਦਿੱਤੀ। ਇਸ ਮੌਕੇ ਤੇ ਗੁਰੂ ਕਾ ਲੰਗਰ, ਮਿਠਾਈਆਂ ਦੇ ਲੰਗਰ ਅਤੁੱਟ ਵਰਤਾਏ ਗਏ।



## ਵਿਧਾਇਕ ਡਾ. ਇਸ਼ਾਂਕ ਨੇ 19 ਲੱਖ ਦੀ ਲਾਗਤ ਨਾਲ ਲਗਾਇਆ ਟਿਊਵਬੈਲ ਕੀਤਾ ਕਾਂਗੜ ਵਾਸੀਆਂ ਨੂੰ ਸਮਰਪਿਤ



**ਹੁਸ਼ਿਆਰਪੁਰ, 15 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਹਲਕੇ ਦੇ ਵਿਕਾਸ ਕਾਰਜ ਅਤੇ ਲੋਕਾਂ ਦੀਆਂ ਪਰੇਸ਼ਾਨੀਆਂ ਨੂੰ ਦੂਰ ਕਰਨਾ ਹਮੇਸ਼ਾ ਮੇਰੀ ਪਹਿਲ ਤੇ ਹੈ। ਇਹ ਵਿਚਾਰ ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਪਿੰਡ ਕਾਂਗੜ ਵਿਖੇ ਪੀਣ ਵਾਲੇ ਪਾਣੀ ਦੇ ਟਿਊਵਬੈਲ ਦਾ ਉਦਘਾਟਨ ਕਰਨ ਦੌਰਾਨ ਪ੍ਰਗਟ ਕੀਤੇ। ਜਿਕਰਯੋਗ ਹੈ ਕਿ 19 ਲੱਖ ਰੁਪਏ ਦੀ ਲਾਗਤ ਨਾਲ ਲੱਗੇ ਇਸ ਟਿਊਵਬੈਲ ਦੇ ਚਾਲੂ ਹੋਣ ਨਾਲ ਪਿੰਡ ਵਾਸੀਆਂ ਨੂੰ ਕਾਫੀ ਸਹੂਲਤ ਹੋਵੇਗੀ। ਇਸ ਮੌਕੇ ਡਾ. ਇਸ਼ਾਂਕ ਨੇ ਦੱਸਿਆ ਕਿ ਪਿੰਡ ਨੂੰ ਪੀਣ ਵਾਲੇ ਪਾਣੀ ਦੀ ਬਹੁਤ ਸਮੱਸਿਆ ਸੀ, ਜਿਸ ਤੇ ਪਿੰਡ ਵਾਸੀਆਂ ਦੀ ਪੁਰਜੋਰ ਮੰਗ ਤੇ ਉਹਨਾਂ ਨੇ ਇਸ ਪ੍ਰੋਜੈਕਟ ਲਈ 19 ਲੱਖ ਰੁਪਏ ਮੁਹੱਈਆ ਕਰਾ ਕੇ ਇਹ ਨਵਾਂ ਟਿਊਵਬੈਲ ਪਿੰਡ ਵਾਸੀਆਂ ਨੂੰ ਸਮਰਪਿਤ ਕੀਤਾ ।ਉਹਨਾਂ ਨੇ ਪਿੰਡ ਵਾਸੀਆਂ ਨੂੰ ਸਚੇਤ ਕੀਤਾ ਕਿ ਪਾਣੀ ਵੱਡਮੁੱਲੀ ਦਾਤ ਹੈ ਅਤੇ ਸਾਨੂੰ ਇਸਨੂੰ ਬਹੁਤ ਸਾਂਭ ਕੇ ਵਰਤਨਾ ਚਾਹੀਦਾ ਹੈ ।ਇਸ ਮੌਕੇ ਸਰਪੰਚ ਕਾਂਗੜ ਗੁਰਦੀਪ ਰਾਮ ਨੇ ਡਾ. ਇਸ਼ਾਂਕ ਅਤੇ ਸੰਸਦ ਮੈਬਰ ਡਾ. ਰਾਜ ਕੁਮਾਰ ਦਾ ਪਿੰਡ ਵਾਸੀਆਂ ਵੱਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਹਮੇਸ਼ਾ ਪਿੰਡ ਦੀਆਂ ਸੱਮਸਿਆਵਾਂ ਨੂੰ ਪੂਰੀ ਗੰਭੀਰਤਾ ਨਾਲ ਹੱਲ ਕਰਵਾਉਂਦੇ ਹਨ ਅਤੇ ਅੱਜ ਤੱਕ ਉਹਨਾਂ ਕੋਲੋਂ ਜੋ ਵੀ ਮੰਗ ਕੀਤੀ ਗਈ ਹੈ ਉਹਨਾਂ ਨੇ ਜਰੂਰ ਪੂਰੀ ਕਰਵਾਈ ਹੈ। ਇਸ ਮੌਕੇ ਤੇ ਕਾਂਗੜ ਪਹੁੰਚਣ ਤੇ ਡਾ. ਇਸ਼ਾਂਕ ਨੇ ਪਿੰਡ ਵਾਸੀਆਂ ਦੇ ਨਾਲ ਬਾਬਾ ਸਿੱਧ ਚਾਨੋ ਮਹਾਰਾਜ ਜੀ ਦੇ ਸਮਾਗਮ ਵਿੱਚ ਵੀ ਹਾਜ਼ਰੀ ਭਰੀ ਇਸ ਮੌਕੇ ਤੇ ਸਵਰਨਾ ਰਾਮ ਪੰਚ, ਹਰੀ ਸਿੰਘ ਪੰਚ, ਸੰਤੋਸ਼ ਕੁਮਾਰੀ ਪੰਚ, ਪੂਜਾ ਦੇਵੀ ਪੰਚ, ਮਲਕੀਤ ਸਿੰਘ, ਕਸ਼ਮੀਰੀ ਲਾਲ, ਅਮਰਜੀਤ ਅਤੇ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜ਼ਰ ਸਨ।

### ਯਾਦਗਾਰੀ ਹੋ ਨਿਬੜਿਆ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦਾ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ

# ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਨੇ ਲੁਆਈ ਆਪਣੀ ਹਾਜ਼ਰੀ, ਸੰਗਤਾਂ ਦਾ ਆਇਆ ਹੜ







**ਫ਼ਿਰੋਜ਼ਪੁਰ, 15 ਫਰਵਰੀ (ਮਨੋਹਰ ਲਾਲ):**— ਯਾਦਗਾਰੀ ਹੋ ਨਿਬੜਿਆ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦਾ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ ਵਿਚ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਨੇ ਆਪਣੀ ਹਾਜ਼ਰੀ ਲੁਆਈ। ਇਸ ਮੌਕੇ ਤੇ ਬਹੁਤ ਵੱਡਾ ਠਾਠਾਂ ਮਾਰਦਾ ਇਕੱਠ ਹੋਇਆ। ਇਹ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ ਧੰਨ—ਧੰਨ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਦੇ ਅਵਤਾਰ ਗੁਰਪੁਰਬ ਨੂੰ ਸਮਰਪਿਤ ਅਤੇ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਦੇ 100 ਸਾਲਾ ਸ਼ਤਾਬਦੀ ਨੂੰ ਸਮਰਪਿਤ ਅਤੇ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਦੀ ਪਵਿੱਤਰ ਬਰਸੀ ਅਤੇ ਮਾਂਘ ਮਹੀਨੇ ਨੂੰ ਸਮਰਪਿਤ ਸ੍ਰੀ ਆਖੰਡ ਪਾਠਾਂ ਦੀ ਇਕੋਤਰੀ ਦੇ ਭੋਗ ਸਭ ਤੋਂ ਪਹਿਲਾਂ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਸਿੱਖ ਪੰਥ ਦੀਆਂ ਮਹਾਨ ਸਖਸ਼ੀਅਤਾਂ ਸੰਤ ਮਹਾਂਪੁਰਸ਼ ਗੁਣੀ ਗਿਆਨੀ, ਵਿਦਵਾਨ, ਕਥਾਵਾਚਕ, ਰਾਗੀ ਢਾਡੀ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਗੁਰਚਰਨ ਸਿੰਘ ਨਾਨਕਸਰ ਕਲੇਰਾਂ ਵਾਲੇ ਤੋਂ ਇਲਾਵਾ ਧਾਰਮਿਕ ਸਖਸ਼ੀਅਤਾਂ ਨੇ ਸੰਗਤਾਂ ਵਿਚ ਆਪਣੀ ਹਾਜ਼ਰੀ ਲੁਆਈ। ਇਸ ਮੌਕੇ ਤੇ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜਥੇਦਾਰ ਸ੍ਰੀ ਕੇਸਗੜ ਸਾਹਿਬ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਅਤੇ ਸੰਗਤਾਂ ਨੂੰ ਗੁਰਬਾਣੀ ਸਰਵਣ ਕਰਨ ਦੀ ਪ੍ਰੇਰਣਾ ਦਿੱਤੀ ।ਸੰਤ ਬਾਬਾ ਬਲਜੀਤ ਸਿੰਘ ਨਾਨਕਸਰ ਸ਼ੇਰ ਮੁਹੰਮਦ, ਸੰਤ ਬਾਬਾ ਭਗਤ ਮਿਲਖਾ ਸਿੰਘ ਅਰਮਾਨਪੁਰਾ ਵਾਲੇ, ਸੰਤ ਬਾਬਾ ਬੋਹੜ ਸਿੰਘ ਤੂਤਾਂਵਾਲੇ, ਭਾਈ ਸਾਹਿਬ ਭਾਈ ਅਮਨਦੀਪ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ, ਬਾਬਾ ਤਜਿੰਦਰ ਸਿੰਘ ਜਿੰਦੂ ਨਾਨਕਸਰ ਕਲੇਰਾਂ ਵਾਲੇ, ਭਾਈ ਹਰਪ੍ਰੀਤ ਸਿੰਘ ਮਨੀ ਹਜ਼ੂਰੀ ਰਾਗੀ ਭੁਚੋ ਸਾਹਿਬ, ਮਾਤਾ ਵਿਪਨਪ੍ਰੀਤ ਕੌਰ ਕੀਰਤਨ ਜਥਾ ਲੁਧਿਆਣੇ ਵਾਲੇ, ਭਾਈ ਸਾਹਿਬ ਸਾਹਿਬ ਸੁਖਦੇਵ ਸਿੰਘ, ਮੁੱਖ ਬੁਲਾਰਾ ਦਮਦਮੀ ਟਕਸਾਲ, ਬਾਬਾ ਜੁਗਰਾਜ ਸਿੰਘ ਨਾਨਕਸਰ ਵਾਲੇ, ਬਾਬਾ ਦਰਸ਼ਨ ਸਿੰਘ ਬੋਰੀ ਵਾਲੇ, ਬਾਬਾ ਸਤਨਾਮ ਸਿੰਘ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਪੰਜਾਬ ਪ੍ਰਧਾਨ, ਭਾਈ ਸਰਬਜੀਤ ਸਿੰਘ ਗੁਰਦੁਆਰਾ ਜਾਮਨੀ ਸਾਹਿਬ, ਗਿਆਨੀ ਭਾਈ ਬੋਹੜ ਸਿੰਘ ਢਾਡੀ ਜਥਾ ਬਾਰੇਕੇ ਵਾਲੇ, ਹਜ਼ੂਰੀ ਰਾਗੀ ਭਾਈ ਗੁਰਮੇਲ ਸਿੰਘ ਅਰਜਨ, ਭਾਈ ਚੰਨ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ ਤੋਂ ਇਲਾਵਾ ਹੋਰ ਬਹੁਤ ਸਾਰੇ ਰਾਗੀ ਜਥਿਆਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ, ਜਿਸ ਵਿਚ ਅਨੇਕਾਂ ਪ੍ਰਾਣੀਆਂ ਨੇ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਇਸ ਮੌਕੇ ਤੇ ਵੱਖ—ਵੱਖ ਡਾਕਟਰਾਂ ਦੀਆਂ ਟੀਮਾਂ ਨੇ ਮੁਫਤ ਕੈਂਪ ਲਾਏ ਗਏ, ਜਿਸ ਵਿਚ ਅੱਖਾਂ ਦੇ ਮਾਹਿਰ ਡਾਕਟਰ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਡਾਕਟਰਾਂ ਨੇ ਮਰੀਜਾਂ ਦਾ ਚੈਕਅਪ ਕਰਕੇ ਦਵਾਈਆਂ ਦਿੱਤੀਆਂ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸਮੂਹ ਸੰਤਾਂ ਮਹਾਂਪੁਰਸ਼ਾਂ ਅਤੇ ਭਾਰੀ ਗਿਣਤੀ ਵਿਚ ਸੰਤਾਂ ਨੇ ਦੋ ਦਿਨ ਹਾਜ਼ਰੀ ਭਰੀ ਅਸੀਂ ਧੰਨਵਾਦ ਕਰਦੇ ਹਾਂ ਜਿਨ੍ਹਾਂ ਨੇ ਆਪਣਾ ਕੀਮਤੀ ਸਮਾਂ ਕੱਢ ਕੇ ਹਾਜ਼ਰੀ ਭਰੀ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ ਨੂੰ ਸਨਮਾਨਿਤ ਕੀਤਾ ਅਤੇ ਨਾਲ ਹੀ ਸਮੂਹ ਸੰਗਤ ਨੂੰ ਮਿਠਾਈ ਦਾ ਪ੍ਰਸ਼ਾਦ ਵੰਡਿਆ। ਇਸ ਮੌਕੇ ਤੇ ਡਾ: ਰਜਿੰਦਰ ਸਿੰਘ, ਡਾ: ਮਾਨ ਸਿੰਘ, ਡਾ: ਮਹਿਲ ਸਿੰਘ ਹੋਮਿਓਪੈਥਿਕ, ਡਾ: ਬਬਲਦੀਪ ਸਿੰਘ, ਡਾ: ਕਾਲੀਆ ਅੱਖਾਂ ਦੇ ਡਾਕਟਰ ਹਾਜ਼ਰ ਸਨ, ਜਿਨ੍ਹਾਂ ਨੇ ਮਰੀਜਾਂ ਦਾ ਮੁਫਤ ਚੈਕਅਪ ਕੀਤਾ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਭਾਈ ਹਰਨਾਮ ਸਿੰਘ ਨੇ ਬਹੁ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ, ਮਿਠਾਈਆਂ ਦੇ ਲੰਗਰ ਅਤੁੱਟ ਵਰਤਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

# ਦਫ਼ਤਰੀ ਮੁਲਾਜ਼ਮਾਂ ਵਲੋਂ 17 ਫਰਵਰੀ ਨੂੰ ਸਿੱਖਿਆ ਭਵਨ ਦਾ ਗੇਟ ਬੰਦ ਕਰਕੇ ਰੋਸ ਪ੍ਰਦਰਸ਼ਨ ਦਾ ਐਲਾਨ



**ਹੁਸ਼ਿਆਰਪੁਰ, 15 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਵਾਰ ਵਾਰ ਸੂਬੇ ਦੀ ਅਫ਼ਸਰਸ਼ਾਹੀ ਨੂੰ ਹੁਕਮ ਕਰਨ ਦੇ ਬਾਵਜੂਦ ਵੀ ਮੁਲਾਜ਼ਮਾਂ ਦੇ ਮਸਲੇ ਹੱਲ ਨਾ ਹੋਣ ਦੇ ਰੋਸ ਵਜੋਂ ਦਫ਼ਤਰੀ ਕਾਮਿਆਂ ਵੱਲੋਂ 17 ਫਰਵਰੀ ਨੂੰ ਸਿੱਖਿਆ ਭਵਨ ਦਾ ਘਿਰਾਓ ਕਰਨ ਦੇ ਨਾਲ ਗੇਟ ਬੰਦ ਕਰਕੇ ਰੋਸ ਪ੍ਰਦਰਸ਼ਨ ਕਰਨ ਦਾ ਐਲਾਨ ਕਰ ਦਿੱਤਾ ਹੈ। ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਕ੍ਰਮਵਾਰ 14 ਮਾਰਚ 2024, 06 ਨਵੰਬਰ 2024, 09 ਦਸੰਬਰ 2024 ਅਤੇ 26 ਦਸੰਬਰ 2024 ਨੂੰ ਹੋਈਆਂ ਮੀਟਿੰਗਾਂ ਵਿੱਚ ਮੰਗਾਂ ਨੂੰ ਤੁਰੰਤ ਨਿਬੇੜਨ ਦੇ ਆਦੇਸ਼ ਦਿੱਤੇ ਪਰ ਅੱਜ ਤੱਕ ਮੰਗਾਂ ਦੀ ਸਥਿਤੀ ਜਿਓ ਦੀ ਤਿਓ ਬਣੀ ਹੋਈ ਹੈ ।ਆਗੂਆਂ ਨੇ ਕਿਹਾ ਕਿ ਇਕ ਪਾਸੇ ਪੰਜਾਬ ਸਰਕਾਰ ਮੁਲਾਜ਼ਮਾਂ ਨਾਲ ਮੀਟਿੰਗਾਂ ਕਰਕੇ ਮੁਲਾਜ਼ਮਾਂ ਦੇ ਮਸਲੇ ਨਿਬੇੜਣ ਦੇ ਯਤਨ ਚ ਹੈ ਪਰ ਦੂਜੇ ਪਾਸੇ ਅਫਸਰਸ਼ਾਹੀ ਮੁਲਾਜ਼ਮਾਂ ਦਾ ਸੋਸ਼ਣ ਕਰਨ ਤੇ ਉਤਾਰੂ ਹੈ। ਮੁਲਾਜ਼ਮਾਂ ਦੀ 14 ਜਨਵਰੀ ਨੂੰ ਵਿਭਾਗ ਨਾਲ ਹੋਈ ਮੀਟਿੰਗ ਵਿੱਚ ਇਸ ਗੱਲ ਤੇ ਸਹਿਮਤੀ ਬਣੀ ਸੀ ਕਿ ਹੜਤਾਲ ਦੇ ਸਮੇਂ ਦਾ ਪੈਂਡਿੰਗ ਪਿਆ ਸਾਰਾ ਕੰਮ ਕਰਨ ਦੀ ਸੂਰਤ ਵਿੱਚ ਵਿਭਾਗ ਵਲੋਂ ਮੁਲਾਜ਼ਮਾਂ ਦੀਆਂ ਪੂਰੀਆਂ ਤਨਖਾਹਾਂ ਜਾਰੀ ਕਰ ਦਿੱਤੀਆਂ ਜਾਣਗੀਆਂ। ਮੁਲਾਜ਼ਮਾਂ ਵਲੋਂ ਦਿਨ ਰਾਤ ਇੱਕ ਕਰਕੇ ਅਪਣੇ ਪੈਂਡਿੰਗ ਪਏ ਸਾਰੇ ਕੰਮ ਕਰ ਦਿੱਤੇ ਗਏ ਹਨ ਪਰ ਹੁਣ ਅਫਸਰਸ਼ਾਹੀ ਵੱਲੋਂ ਦਸੰਬਰ ਅਤੇ ਜਨਵਰੀ ਮਹੀਨੇ ਦੀ ਤਨਖਾਹ ਤੇ ਕੱਟ ਲਗਾ ਦਿੱਤਾ ਗਿਆ ਹੈ ਤੇ ਦਸੰਬਰ ਮਹੀਨੇ ਦੀ ਕੇਵਲ 3 ਦਿਨ ਤੇ ਜਨਵਰੀ ਮਹੀਨੇ ਦੀ ਤਕਰੀਬਨ 16 ਦਿਨ ਦੀ ਹੀ ਤਨਖਾਹ ਜਾਰੀ ਕੀਤੀ ਗਈ ਹੈ ਜੋ ਕਿ ਸ਼ੋਸ਼ਣ ਦੀ ਮੂੰਹ ਬੋਲਦੀ ਤਸਵੀਰ ਹੈ। ਜਿਸ ਕਰਕੇ ਮੁਲਾਜ਼ਮਾਂ ਵਿਚ ਰੋਸ ਵੱਧ ਗਿਆ ਹੈ ਅਤੇ ਦਫ਼ਤਰੀ ਕਾਮੇ ਮੁੜ ਸੰਘਰਸ਼ ਤੇ ਰਾਹ ਤੇ ਪੈਣ ਲਈ ਮਜਬੂਰ ਹੋ ਗਏ ਹਨ। ਆਗੂਆ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ 21 ਅਪ੍ਰੈਲ 2022 ਅਤੇ ਕੈਬਿਨਟ ਸਬ ਕਮੇਟੀ ਵੱਲੋਂ 14 ਮਾਰਚ 2024 ਨੂੰ ਦਫ਼ਤਰੀ ਕਰਮਚਾਰੀਆਂ ਨੂੰ ਰੈਗੂਲਰ ਕਰਨ ਦੀ ਸਹਿਮਤੀ ਦਿੱਤੀ ਸੀ ਅਤੇ 14 ਮਾਰਚ ਦੀ ਮੀਟਿੰਗ ਵਿਚ ਵਿੱਤ ਮੰਤਰੀ ਦੇ ਆਦੇਸ਼ਾ ਅਨੁਸਾਰ ਜਥੇਬੰਦੀ ਵੱਲੋਂ ਡੀ.ਜੀ.ਐਸ.ਈ ਨੂੰ ਐਫੀਡੈਵਿਟ ਵੀ ਦਿੱਤਾ ਸੀ ਪ੍ਰੰਤੂ ਇਸ ਦੇ ਬਾਵਜੂਦ ਵੀ ਮੁਲਾਜ਼ਮਾਂ ਨੂੰ ਰੈਗੂਲਰ ਨਹੀ ਕੀਤਾ ਗਿਆ। ਮੀਟਿੰਗ ਦੋਰਾਨ ਵਿੱਤ ਮੰਤਰੀ ਹਰਪਾਲ ਚੀਮਾ ਵੱਲੋਂ ਮੁੜ ਅਧਿਕਾਰੀਆਂ ਤੇ ਅਧਾਰਤ ਵਿੱਤ ਵਿਭਾਗ ਪ੍ਰਸੋਨਲ ਵਿਭਾਗ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਦੀ ਬਣੀ ਅਫਸਰ ਕਮੇਟੀ ਨੂੰ ਦਫ਼ਤਰੀ ਕਰਮਚਾਰੀਆਂ ਤੇ ਵਿਸ਼ੇਸ਼ ਅਧਿਆਪਕਾਂ ਨੂੰ 8886 ਅਧਿਆਪਕਾਂ ਦੀ ਤਰਜ ਤੇ ਰੈਗੂਲਰ ਕਰਨ ਲਈ ਤੁਰੰਤ ਅਫ਼ਸਰ ਕਮੇਟੀ ਦੀ ਮੀਟਿੰਗ ਕਰਕੇ ਰਿਪੋਰਟ ਪੇਸ਼ ਕਰਨ ਦੇ ਹੁਕਮ ਦਿੱਤੇ। ਇਸ ਦੇ ਨਾਲ ਹੀ ਮਿਡ ਡੇ ਮੀਲ ਦਫ਼ਤਰੀ ਕਰਮਚਾਰੀਆਂ ਦੀ ਤਨਖਾਹ ਵਾਧੇ ਦੀ ਫਾਈਲ ਤੇ ਤੁਰੰਤ ਕਾਰਵਾਈ ਕਰਨ ਦੇ ਵਿੱਤ ਸਕੱਤਰ ਨੂੰ ਆਦੇਸ਼ ਦਿੱਤੇ ਪਰ ਫਾਇਲ ਅਜੇ ਵੀ ਵਿੱਤ ਵਿਭਾਗ ਵਿੱਚ ਹੀ ਲਟਕੀ ਹੋਈ ਹੈ। ਉਹਨਾਂ ਕਿਹਾ ਕਿ ਸਿੱਖਿਆ ਅਭਿਆਨ ਮਿਡ ਡੇ ਮੀਲ ਦਫਤਰੀ ਕਰਮਚਾਰੀ ਯੂਨੀਅਨ ਦੇ ਕਰਮਚਾਰੀਆ ਕਰਨ ਅਬਰੋਲ, ਸੁਖਵਿੰਦਰ ਸਿੰਘ, ਯੁਧਿਸ਼ਟਰ ਕੁਮਾਰ, ਸੰਜੀਵ ਕੁਮਾਰ, ਗੀਤਾਂਜਲੀ ਗੁਪਤਾ, ਰਾਜਨੀ ਮਹਾਜਨ, ਰੇਣੂ ਬਾਲਾ ਆਦਿ ਨੇ ਐਲਾਨ ਕੀਤਾ ਕਿ ਸਰਕਾਰ ਤਾਂ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਸੰਜੀਦਾ ਹੈ ਪਰ ਅਫਸਰ ਜਾਣਬੁਝ ਕੇ ਮੁਲਾਜ਼ਮਾਂ ਨੂੰ ਪ੍ਰੇਸ਼ਾਨ ਕਰ ਰਹੇ ਹਨ। ਆਗੂਆਂ ਨੇ ਕਿਹਾ ਕਿ ਸਰਕਾਰ ਦਾ ਏਜੰਡਾ ਸੀ ਕਿ ਸੂਬੇ ਵਿੱਚ ਕੋਈ ਵੀ ਮੁਲਾਜ਼ਮ ਕੱਚਾ ਨਹੀਂ ਰਹਿਣ ਦੇਣਾ ਪਰ 3 ਸਾਲ ਤੋਂ ਉੱਪਰ ਦਾ ਸਮਾਂ ਬੀਤ ਗਿਆ ਹੈ ਅਤੇ ਅਧਿਕਾਰੀ ਮਸਲਿਆਂ ਨੂੰ ਹੱਲ ਕਰਨ ਦੀ ਬਜਾਏ ਉਲਝਾਂ ਰਹੇ ਹਨ।

# ਭਾਰਤੀਆਂ ਦਾ ਅਮਰੀਕਾ ਡਿਪੋਰਟੇਸ਼ਨ : ਪੰਜਾਬ ਸਰਕਾਰ ਦਾ ਸਖਤ ਰੁਖ, ਪੁਲਸ ਨੇ ਇਕ ਟਰੈਵਲ ਏਜੰਟ ਗ੍ਰਿਫਤਾਰ

## ਅਮਰੀਕਾ ਵਿੱਚ ਤਸਕਰਾਂ ਅਤੇ ਸਮੱਗਲਰਾਂ ਦੀ ਮਦਦ ਨਾਲ ਗੈਰ-ਕਾਨੂੰਨੀ ਤਰੀਕੇ ਨਾਲ ਹੁੰਦੇ ਨੇ ਦਾਖਲ



**ਪਟਿਆਲਾ, 15 ਫਰਵਰੀ (ਸਰਬਜੀਤ ਸਿੰਘ ਬਨੂੜ)**-ਧੋਖਾਧੜੀ ਕਰਨ ਵਾਲੇ ਇਮੀਗ੍ਰੇਸ਼ਨ ਸਲਾਹਕਾਰਾਂ ਵਿਰੁੱਧ ਚੱਲ ਰਹੀ ਕਾਰਵਾਈ ਵਿੱਚ ਇੱਕ ਮਹੱਤਵਪੂਰਨ ਘਟਨਾਕ੍ਰਮ ਵਿੱਚ, ਪੰਜਾਬ ਪੁਲਿਸ ਦੇ ਐਨਆਰਆਈ ਮਾਮਲਿਆਂ ਦੇ ਵਿੰਗ ਨੇ ਗੈਰ-ਕਾਨੂੰਨੀ ਇਮੀਗ੍ਰੇਸ਼ਨ ਘੁਟਾਲੇ ਦੇ ਚਾਰ ਮੁਲਜ਼ਮਾਂ ਵਿੱਚੋਂ ਇੱਕ ਟਰੈਵਲ ਏਜੰਟ ਅਨਿਲ ਬੱਤਰਾ ਨੂੰ ਗ੍ਰਿਫਤਾਰ ਕੀਤਾ ਹੈ। ਏਡੀਜੀਪੀ ਐਨਆਰਆਈ ਮਾਮਲੇ, ਪ੍ਰਵੀਨ ਸਿਨਹਾ ਦੀ ਅਗਵਾਈ ਵਾਲੀ 4 ਮੈਂਬਰੀ ਐਸਆਈਟੀ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕੰਮ ਕਰਦੇ ਹੋਏ, ਐਸਪੀ ਐਨਆਰਆਈ ਮਾਮਲੇ ਪਟਿਆਲਾ ਗੁਰਬੰਸ ਸਿੰਘ ਬੈਂਸ ਦੀ ਨਜ਼ਦੀਕੀ ਨਿਗਰਾਨੀ ਹੇਠ ਇੰਸਪੈਕਟਰ ਅਭੈ ਸਿੰਘ ਚੌਹਾਨ, ਐਸਐਚਓ ਪੀਐਸ ਐਨਆਰਆਈ ਪਟਿਆਲਾ ਦੀ ਅਗਵਾਈ ਵਾਲੀ ਟੀਮ ਨੇ ਇਹ ਗ੍ਰਿਫ਼ਤਾਰੀ ਕੀਤੀ। ਅਨਿਲ ਬੱਤਰਾ, ਵਾਸੀ ਸ਼ਾਂਤੀ ਨਗਰ, ਟੇਕਾ ਮਾਰਕੀਟ, ਥਾਨੇਸਰ, ਕੁਰੂਕਸ਼ੇਤਰ, ਹਰਿਆਣਾ ਨੂੰ ਉਸ ਦੇ ਸਹੁਰੇ ਘਰ ਪਟਿਆਲਾ (5-ਈ ਪ੍ਰਤਾਪ ਨਗਰ) ਤੋਂ ਕਾਬੂ ਕੀਤਾ ਗਿਆ। ਉਸ ਉੱਤੇ ਭਾਰਤੀ ਦੰਡਾਵਲੀ (ਆਈਪੀਸੀ) ਦੀ ਧਾਰਾ 406, 420, 370, ਅਤੇ 120-ਬੀ ਅਤੇ ਇਮੀਗ੍ਰੇਸ਼ਨ ਐਕਟ ਦੀ ਧਾਰਾ 24 ਦੇ ਤਹਿਤ ਐਫਆਈਆਰ ਨੰਬਰ 06, ਮਿਤੀ 8 ਫਰਵਰੀ, 2025 ਵਿੱਚ ਦੋਸ਼ ਲਗਾਇਆ ਗਿਆ ਹੈ। ਬਤਰਾ 'ਤੇ ਸ਼ਿਕਾਇਤਕਰਤਾ ਲਈ ਸੂਰੀਨਾਮ ਵੀਜ਼ਾ ਅਤੇ ਟਿਕਟ ਦਾ ਪ੍ਰਬੰਧ ਕਰਕੇ ਗੈਰ-ਕਾਨੂੰਨੀ ਇਮੀਗ੍ਰੇਸ਼ਨ ਪ੍ਰਕਿਰਿਆ ਨੂੰ ਆਸਾਨ ਬਣਾਉਣ ਦਾ ਦੋਸ਼ ਹੈ। ਇੱਕ ਵਾਰ ਸੂਰੀਨਾਮ ਵਿੱਚ, ਪੀੜਤ ਗੁਰਵਿੰਦਰ ਸਿੰਘ ਨੇ ਦੱਖਣੀ ਅਮਰੀਕਾ ਦੇ ਦੂਜੇ ਦੇਸ਼ਾਂ, ਜਿਵੇਂ ਕਿ ਬ੍ਰਾਜ਼ੀਲ ਜਾਂ ਕੋਲੰਬੀਆ, ਜਿੱਥੋਂ ਉਹ ਮੱਧ ਅਮਰੀਕਾ ਵਿੱਚ ਲੰਘਿਆ। ਮੱਧ ਅਮਰੀਕਾ ਵਿੱਚ ਉਸਨੇ ਪਨਾਮਾ, ਕੋਸਟਾ ਰੀਕਾ, ਨਿਕਾਰਾਗੁਆ, ਹੌਂਡੁਰਾਸ, ਗੁਆਟੇਮਾਲਾ ਅਤੇ ਮੈਕਸੀਕੋ ਵਰਗੇ ਦੇਸ਼ਾਂ ਦੀ ਯਾਤਰਾ ਕੀਤੀ। ਇੱਥੇ, ਉਹ ਤਸਕਰਾਂ ਅਤੇ ਸਮੱਗਲਰਾਂ ਦੀ ਮਦਦ ਨਾਲ ਗੈਰ-ਕਾਨੂੰਨੀ ਤਰੀਕੇ ਨਾਲ ਅਮਰੀਕਾ ਵਿੱਚ ਦਾਖਲ ਹੋਇਆ। 14 ਫਰਵਰੀ, 2025 ਤੱਕ, ਅਨਿਲ ਬੱਤਰਾ ਦੇ ਬੈਂਕ ਖਾਤੇ ਨੂੰ 6,35,136.10 ਰੁਪਏ ਦੇ ਬਕਾਏ ਨਾਲ ਫ੍ਰੀਜ਼ ਕਰ ਦਿੱਤਾ ਗਿਆ ਹੈ। ਇੱਕ 4 ਮੈਂਬਰੀ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਪਹਿਲਾਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ, ਗੌਰਵ ਯਾਦਵ ਦੁਆਰਾ, ਧੋਖੇਬਾਜ਼ ਇਮੀਗ੍ਰੇਸ਼ਨ ਅਭਿਆਸਾਂ ਵਿੱਚ ਸ਼ਾਮਲ ਧੋਖੇਬਾਜ਼ ਟਰੈਵਲ ਏਜੰਟਾਂ ਦੀਆਂ ਸ਼ਿਕਾਇਤਾਂ ਦੀ ਜਾਂਚ ਲਈ ਸਥਾਪਤ ਕੀਤੀ ਗਈ ਸੀ। SIT ਦੇਸ਼ ਨਿਕਾਲੇ ਵਿਅਕਤੀਆਂ ਨੂੰ ਅੱਗੇ ਆਉਣ ਲਈ ਉਤਸ਼ਾਹਿਤ ਕਰਨ ਲਈ ਕੰਮ ਕਰ ਰਹੀ ਹੈ ਅਤੇ ਇਹ ਯਕੀਨੀ ਬਣਾਉਣ ਵਿੱਚ ਸਹਾਇਤਾ ਕਰਨ ਲਈ ਕੰਮ ਕਰ ਰਹੀ ਹੈ ਕਿ ਕਾਨੂੰਨਾਂ ਦੀ ਉਲੰਘਣਾ ਕਰਨ ਵਾਲਿਆਂ ਨੂੰ ਕਾਨੂੰਨ ਦੀ ਮਹਿਮਾ ਵਿੱਚ ਪੇਸ਼ ਕੀਤਾ ਜਾਵੇ। ਡੀਜੀਪੀ ਪੰਜਾਬ, ਗੌਰਵ ਯਾਦਵ ਨੇ ਇਨ੍ਹਾਂ ਅਪਰਾਧਿਕ ਨੈੱਟਵਰਕਾਂ ਨੂੰ ਖ਼ਤਮ ਕਰਨ ਅਤੇ ਕਮਜ਼ੋਰ ਵਿਅਕਤੀਆਂ ਨੂੰ ਸ਼ੋਸ਼ਣ ਤੋਂ ਬਚਾਉਣ ਲਈ ਪੰਜਾਬ ਪੁਲਿਸ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਜਿਹੀ ਕੋਈ ਵੀ ਸੂਚਨਾ ਲੈ ਕੇ ਅੱਗੇ ਆਉਣ ਜੋ ਦੋਸ਼ੀਆਂ ਨੂੰ ਫੜਨ ਵਿੱਚ ਮਦਦ ਕਰ ਸਕੇ, ਜਿਨ੍ਹਾਂ ਖ਼ਿਲਾਫ਼ ਕੇਸ ਦਰਜ ਕੀਤੇ ਗਏ ਹਨ। ਇਸ ਤੋਂ ਇਲਾਵਾ, ਡੀਜੀਪੀ ਨੇ ਨਾਗਰਿਕਾਂ ਨੂੰ ਸਲਾਹ ਦਿੱਤੀ ਕਿ ਉਹ ਸਿਰਫ ਇਮੀਗ੍ਰੇਸ਼ਨ ਸੇਵਾਵਾਂ ਲਈ ਲਾਇਸੰਸਸ਼ੁਦਾ ਏਜੰਟਾਂ ਨਾਲ ਸੰਪਰਕ ਕਰਨ ਅਤੇ ਘੁਟਾਲਿਆਂ ਦਾ ਸ਼ਿਕਾਰ ਹੋਣ ਤੋਂ ਬਚਣ ਲਈ ਉਨ੍ਹਾਂ ਦੇ ਪ੍ਰਮਾਣ ਪੱਤਰਾਂ ਦੀ ਚੰਗੀ ਤਰ੍ਹਾਂ ਤਸਦੀਕ ਕਰਨ।

ਆਵਾਜ਼ਿ ਕੌਮ AWAZE QAUM International Newspaper & WEB TV

# 'ਸੇਵਾਪੰਥੀ ਅਤੇ ਮਾਨਵ-ਸੇਵਾ' ਪੁਸਤਕ ਲੋਕ ਅਰਪਣ



**ਲੁਧਿਆਣਾ (ਕਰਨੈਲ ਸਿੰਘ ਐੱਮ.ਏ.)**- ਭਾਈ ਕਨੱਈਆ ਜੀ ਦੀ ਕੁਲ ਦੇ 12ਵੇਂ ਨਾਦੀ ਕੁਲਭੂਸ਼ਨ ਅਤੇ ਸੇਵਾਪੰਥੀ ਅੱਡਣ ਸ਼ਾਹੀ ਸਭਾ (ਰਜਿ:) ਅੰਮ੍ਰਿਤਸਰ ਦੇ ਪ੍ਰਧਾਨ ਸੱਚ-ਖੰਡ ਵਾਸੀ ਵਿੱਦਿਆਦਾਨੀ ਅਤੇ ਪਰ-ਉਪਕਾਰੀ ਸ਼੍ਰੀਮਾਨ ਮਹੰਤ ਤੀਰਥ ਸਿੰਘ ਜੀ ਸੇਵਾਪੰਥੀ ਦੇ 100ਵੇਂ ਜਨਮ-ਦਿਹਾੜੇ (ਸ਼ਤਾਬਦੀ) 'ਤੇ ਕਰਨੈਲ ਸਿੰਘ ਐੱਮ.ਏ. ਦੁਆਰਾ ਸੰਪਾਦਕ ਪੁਸਤਕ "ਸੇਵਾਪੰਥੀ ਅਤੇ ਮਾਨਵ-ਸੇਵਾ" ਸ਼੍ਰੀਮਾਨ ਮਹੰਤ ਭਾਈ ਕਾਹਨ ਸਿੰਘ ਜੀ 'ਸੇਵਾਪੰਥੀ' ਨੇ ਭਾਈ ਆਸਾ ਸਿੰਘ ਗਰਲਜ਼ ਕਾਲਜ ਗੋਨਿਆਣਾ ਮੰਡੀ (ਬਠਿੰਡਾ) ਦੇ ਪ੍ਰਬੰਧਕੀ ਦਫ਼ਤਰ ਵਿੱਚ ਰਿਲੀਜ਼ ਕੀਤੀ। ਪੁਸਤਕ ਦੀ ਪਹਿਲੀ ਕਾਪੀ ਸ੍ਰ: ਬਰਿੰਦਰ ਸਿੰਘ ਖ਼ਾਲਸਾ ਨੂੰ ਭੇਟ ਕੀਤੀ। ਮਹੰਤ ਕਾਹਨ ਸਿੰਘ ਜੀ ਨੇ ਕਰਨੈਲ ਸਿੰਘ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਅਤੇ ਮਹੰਤ ਤੀਰਥ ਸਿੰਘ ਜੀ ਦੇ ਜਨਮ-ਦਿਹਾੜੇ ਤੇ ਪੁਸਤਕ ਤਿਆਰ ਕਰਨ ਦੀ ਵਧਾਈ ਦਿੱਤੀ। ਉਹਨਾਂ ਕਿਹਾ ਕਿ ਕਰਨੈਲ ਸਿੰਘ ਨੇ ਇਸ ਤੋਂ ਪਹਿਲਾਂ ਵੀ ਮਹੰਤ ਤੀਰਥ ਸਿੰਘ ਜੀ ਦਾ ਜਪੁ ਬੋਧ, ਸਿਧ ਗੋਸਟਿ, ਆਸਾ ਦੀ ਵਾਰ ਸਟੀਕ, ਦਾਸ ਦੀਆਂ ਵੀ ਬਾਰਹਮਾਹਾ, ਅਨੰਦ ਸਾਹਿਬ, ਰਹਰਾਸਿ ਸਾਹਿਬ ਤੇ ਸੋਹਿਲਾ ਸਟੀਕ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਮਹਿਮਾ ਪੁਸਤਕਾਂ ਸ਼ੁੱਧ ਛਪਵਾਉਣ ਦੀ ਸੇਵਾ ਕੀਤੀ ਹੈ। ਇਸ ਤੋਂ ਇਲਾਵਾ ਉਹਨਾਂ ਟਿਕਾਣਾ ਸਾਹਿਬ ਦੇ ਸੰਤਾਂ ਮਹਾਂਪੁਰਸ਼ਾਂ ਅਤੇ ਵਿਦਿਅਕ ਅਦਾਰਿਆਂ ਨਾਲ ਸੰਬੰਧਿਤ ਪੁਸਤਕ ਸੰਤਾਂ ਮਹਾਂਪੁਰਸ਼ਾਂ ਦਾ ਜੀਵਨ ਅਤੇ ਘਾਲਨਾਵਾਂ, ਅਨਮੋਲ ਬਚਨ ਮਹੰਤ ਤੀਰਥ ਸਿੰਘ ਜੀ 'ਸੇਵਾਪੰਥੀ' ਅਤੇ ਹੋਰ ਵੀ ਬਹੁਤ ਵੱਡੀ ਗਿਣਤੀ ਵਿੱਚ ਸ਼ਬਦ, ਫੋਲਡਰ, ਟ੍ਰੈਕਟ, ਪੈਂਫਲਿਟ ਛਪਵਾਉਣ ਦੀ ਸੇਵਾ ਕੀਤੀ ਹੈ। ਪੁਸਤਕ ਦੇ ਸੰਪਾਦਕ ਕਰਨੈਲ ਸਿੰਘ ਐੱਮ.ਏ. ਨੇ ਕਿਹਾ ਕਿ ਪੁਸਤਕ ਵਿੱਚ ਅੱਠ ਪੇਪਰ (ਪਰਚੇ) ਜੋ 1988 ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ 2015 ਵਿੱਚ ਮਾਤਾ ਸੁੰਦਰੀ ਕਾਲਜ ਫਾਰ ਵੂਮੈਨ ਦਿੱਲੀ ਵਿੱਚ ਸੈਮੀਨਾਰਾਂ ਦੌਰਾਨ ਪੜ੍ਹੇ ਗਏ ਸਨ, ਉਹਨਾਂ ਨੂੰ ਹੀ ਪੁਸਤਕ ਦਾ ਰੂਪ ਦਿੱਤਾ ਗਿਆ ਹੈ। ਇਹ ਪੁਸਤਕ ਐੱਮ ਫਿਲ, ਪੀ.ਐਚ.ਡੀ. ਕਰ ਰਹੇ ਖੋਜਾਰਥੀਆਂ, ਲਿਖਾਰੀਆਂ ਤੇ ਸਾਹਿਤ ਪੜ੍ਹਨ ਵਾਲੇ ਪ੍ਰੇਮੀਆਂ ਲਈ ਲਾਭਦਾਇਕ ਸਿੱਧ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV